SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 96 | Wednesday, May 17, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਅਪ੍ਰੈਲ ਵਿਚ ਮਹਿੰਗਾਈ ਦਰ ਵਿਚ ਹੋਇਆ 4.4 ਫੀਸਦੀ ਵਾਧਾ : ਸਟੈਟਸਕੈਨ




ਓਟਵਾ, 16 ਮਈ (ਪੋਸਟ ਬਿਊਰੋ) : ਸਟੈਟੇਸਟਿਕਸ ਕੈਨੇਡਾ ਨੇ ਮੰਗਲਵਾਰ ਨੂੰ ਆਖਿਆ ਕਿ ਪਿਛਲੇ ਸਾਲ ਜੂਨ ਵਿੱਚ ਮਹਿੰਗਾਈ ਵਧਣ ਤੋਂ ਬਾਅਦ ਇਹ ਮਹਿੰਗਾਈ ਇਸ ਸਾਲ ਪਹਿਲੀ ਵਾਰੀ ਅਪਰੈਲ ਵਿੱਚ ਵਧੀ ਹੈ।

ਏਜੰਸੀ ਨੇ ਆਖਿਆ ਕਿ ਇੱਕ ਸਾਲ ਪਹਿਲਾਂ ਦੇ ਮੁਕਾਬਲੇ ਉਸ ਦਾ ਕੰਜ਼ਿਊਮਰ ਪ੍ਰਾਈਸ ਇੰਡੈਕਸ 4.4 ਫੀ ਸਦੀ ਵੱਧ ਸੀ ਜਦਕਿ ਮਾਰਚ ਵਿੱਚ ਇਹ 4.3 ਫੀ ਸਦੀ ਸੀ। ਸਟੈਟੇਸਟਿਕਸ ਕੈਨੇਡਾ ਨੇ ਆਖਿਆ ਕਿ ਜੂਨ 2022 ਵਿੱਚ 8.1 ਫੀ ਸਦੀ ਤੱਕ ਮਹਿੰਗਾਈ ਦਰ ਪਹੁੰਚਣ ਦਾ ਕਾਰਨ ਵੱਧ ਮਾਰਗੇਜ ਇੰਟਰਸਟ ਕੀਮਤਾਂ ਸਨ। ਇਨ੍ਹਾਂ ਕੀਮਤਾਂ ਵਿੱਚ ਹੋਰ ਵਾਧਾ ਕਿਰਾਇਆਂ ਦੀਆਂ ਕੀਮਤਾਂ ਵਿੱਚ ਹੋਏ 6.1 ਫੀ ਸਦੀ ਵਾਧੇ ਕਾਰਨ ਹੋਇਆ।

ਇਸ ਦੌਰਾਨ ਗਰੌਸਰੀ ਦੀਆਂ ਕੀਮਤਾਂ, ਜਿਨ੍ਹਾਂ ਉੱਤੇ ਬਰੀਕੀ ਨਾਲ ਨਜ਼ਰ ਰੱਖੀ ਜਾ ਰਹੀ ਹੈ, ਇੱਕ ਸਾਲ ਪਹਿਲਾਂ ਦੇ ਮੁਕਾਬਲੇ 9.1 ਫੀ ਸਦੀ ਵੱਧ ਚੁੱਕੀਆਂ ਹਨ। ਪਰ ਇਹ ਵਾਧਾ ਮਾਰਚ ਵਿੱਚ ਸਾਲ ਦਰ ਸਾਲ ਦੇ ਹਿਸਾਬ ਨਾਲ ਹੋਏ 9.7 ਫੀ ਸਦੀ ਵਾਧੇ ਨਾਲੋਂ ਘੱਟ ਸੀ। ਅਪਰੈਲ ਵਿੱਚ ਸਬਜ਼ੀਆਂ ਦੀਆਂ ਕੀਮਤਾਂ ਵਿੱਚ 8.8 ਫੀ ਸਦੀ ਵਾਧਾ ਦਰਜ ਕੀਤਾ ਗਿਆ ਜਦਕਿ ਮਾਰਚ ਵਿੱਚ ਇਹ ਵਾਧਾ 10.8 ਫੀ ਸਦੀ ਸੀ। ਕੌਫੀ ਤੇ ਚਾਹ ਦੀਆਂ ਕੀਮਤਾਂ ਵਿੱਚ ਵੀ ਮਾਰਚ ਵਿੱਚ ਹੋਏ 11.1 ਫੀ ਸਦੀ ਵਾਧੇ ਦੇ ਮੁਕਾਬਲੇ 6.4 ਫੀ ਸਦੀ ਵਾਧਾ ਰਿਕਾਰਡ ਕੀਤਾ ਗਿਆ।

ਗੈਸੋਲੀਨ ਦੀਆਂ ਕੀਮਤਾਂ ਵਿੱਚ ਅਪਰੈਲ ਦੇ ਮਹੀਨੇ 7.7 ਫੀ ਸਦੀ ਦੇ ਹਿਸਾਬ ਨਾਲ ਗਿਰਾਵਟ ਦਰਜ ਕੀਤੀ ਗਈ ਜਦਕਿ ਰੂਸ ਤੇ ਯੂਕਰੇਨ ਦੀ ਜੰਗ ਕਾਰਨ ਇੱਕ ਸਾਲ ਪਹਿਲਾਂ ਇਹ ਕੀਮਤਾਂ ਵੱਧ ਸਨ। ਅਪਰੈਲ ਵਿੱਚ ਗੈਸੋਲੀਨ ਦੀਆਂ ਕੀਮਤਾਂ ਵਿੱਚ ਮਾਰਚ ਦੇ ਮੁਕਾਬਲੇ 6.3 ਫੀ ਸਦੀ ਵਾਧਾ ਦਰਜ ਕੀਤਾ ਗਿਆ।

## ਚੱਕਰਵਾਤੀ ਤੂਫਾਨ ਮੋਕਾ ਨੇ ਤਬਾਹੀ ਮਚਾਈ, ਬੰਗਲਾਦੇਸ਼ ਦਾ ਸੇਂਟ ਮਾਰਟਿਨ ਟਾਪੂ ਪਾਣੀ 'ਚ ਡੁੱਬ ਜਾਵੇਗਾ



ਢਾਕਾ, 16 ਮਈ (ਪੋਸਟ ਬਿਊਰੋ): ਜਿਵੇਂ-ਜਿਵੇਂ ਚੱਕਰਵਾਤੀ ਤੂਫਾਨ ਮੋਕਾ ਦਾ ਪ੍ਰਕੋਪ ਵੱਧ ਰਿਹਾ ਹੈ, ਤੇਜ਼ ਹਵਾਵਾਂ ਚੱਲਣ ਲੱਗੀਆਂ ਹਨ। ਬੰਗਲਾਦੇਸ਼ੀ ਮੀਡੀਆ ਮੁਤਾਬਕ ਚੱਕਰਵਾਤੀ ਤੂਫ਼ਾਨ ਹੋਰ ਖ਼ਤਰਨਾਕ ਹੋਣ ਨਾਲ ਬੰਗਲਾਦੇਸ਼ ਦਾ ਇੱਕ ਟਾਪੂ ਪਾਣੀ ਵਿੱਚ ਡੁੱਬ ਜਾਵੇਗਾ। ਹਾਲਾਂਕਿ, ਇਹ ਅਸਥਾਈ ਹੋਵੇਗਾ ਅਤੇ ਕੁਝ ਸਮੇਂ ਬਾਅਦ ਟਾਪੂ ਤੋਂ ਪਾਣੀ ਘੱਟ ਜਾਵੇਗਾ। ਬੰਗਲਾਦੇਸ਼ੀ ਅਧਿਕਾਰੀਆਂ ਨੇ ਕਿਹਾ ਕਿ ਬੰਗਲਾਦੇਸ਼ ਦੇ ਸੇਂਟ ਮਾਰਟਿਨ ਟਾਪੂ 'ਤੇ 'ਕੋਈ ਬੁਨਿਆਦੀ ਢਾਂਚਾ ਵਿਕਸਤ ਨਹੀਂ ਕੀਤਾ ਗਿਆ ਹੈ। ਜਦੋਂ ਤੂਫਾਨ ਦਾ ਕਹਿਰ ਵਧੇਗਾ ਤਾਂ ਇਸ ਦੇ ਪ੍ਰਭਾਵ ਕਾਰਨ ਸੇਂਟ ਮਾਰਟਿਨ ਟਾਪੂ ਦੇ ਇੱਕ ਪਾਸੇ ਤੋਂ ਪਾਣੀ ਵਧੇਗਾ ਅਤੇ ਦੂਜੇ ਪਾਸੇ ਬਾਹਰ ਆ ਜਾਵੇਗਾ। ਇਸ ਕਾਰਨ ਸੇਂਟ ਮਾਰਟਿਨ ਟਾਪੂ ਕੁਝ ਸਮੇਂ ਲਈ ਪਾਣੀ ਵਿੱਚ ਡੁੱਬ ਜਾਵੇਗਾ।

ਮੌਸਮ ਵਿਭਾਗ ਦੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਜਦੋਂ ਤੂਫਾਨ ਦਾ ਪ੍ਰਭਾਵ ਵਧਦਾ ਹੈ ਤਾਂ ਇਸ ਦੇ ਪ੍ਰਭਾਵ ਕਾਰਨ ਟਾਪੂ ਪਾਣੀ ਵਿੱਚ ਡੁੱਬ ਸਕਦਾ ਹੈ। ਹਾਲਾਂਕਿ, ਅਜਿਹਾ ਜ਼ਿਆਦਾ ਦੇਰ ਤੱਕ ਨਹੀਂ ਰਹੇਗਾ। ਬੰਗਲਾਦੇਸ਼ ਦੇ ਮੌਸਮ ਵਿਭਾਗ ਦਾ ਕਹਿਣਾ ਹੈ ਕਿ ਤੂਫਾਨ ਦਾ ਕੇਂਦਰ ਮਿਆਂਮਾਰ ਹੈ, ਜਿਸ ਦਾ ਅਸਰ ਬੰਗਲਾਦੇਸ਼ ਦੇ ਕਾਕਸ ਬਾਜ਼ਾਰ 'ਤੇ ਵੀ ਪਵੇਗਾ। ਬੰਗਲਾਦੇਸ਼ ਦੇ ਤੱਟੀ ਇਲਾਕਿਆਂ 'ਚ ਬਾਰਿਸ਼ ਸ਼ੁਰੂ ਹੋ ਗਈ ਹੈ। ਮੋਕਾ ਤੂਫਾਨ ਕਾਰਨ ਬੰਗਲਾਦੇਸ਼ ਦੀ ਮੱਧ-ਪੂਰਬੀ ਖਾੜੀ ਅਤੇ ਇਸ ਦੇ ਨੇੜਲੇ ਇਲਾਕਿਆਂ 'ਚ ਤੇਜ਼ ਹਵਾਵਾਂ ਚੱਲਣਗੀਆਂ। ਹਵਾਵਾਂ ਦੀ ਰਫ਼ਤਾਰ 210 ਕਿਲੋਮੀਟਰ ਪ੍ਰਤੀ ਘੰਟੇ ਤੱਕ ਰਹਿ ਸਕਦੀ ਹੈ। ਤੱਟੀ ਇਲਾਕਿਆਂ 'ਚ ਅਲਰਟ ਜਾਰੀ ਕੀਤਾ ਗਿਆ ਹੈ।

## ਪਾਕਿਸਤਾਨੀ ਫੌਜ ਇਮਰਾਨ ਦੇ ਸਮਰਥਕਾਂ 'ਤੇ ਲਾਗੂ ਕਰੇਗੀ ਆਰਮੀ ਐਕਟ



ਇਸਲਾਮਾਬਾਦ, 16 ਮਈ (ਪੋਸਟ ਬਿਊਰੋ): ਪਾਕਿਸਤਾਨੀ ਫੌਜ 9 ਮਈ ਨੂੰ ਇਮਰਾਨ ਖਾਨ ਦੀ ਗ੍ਰਿਫ਼ਤਾਰੀ ਤੋਂ ਬਾਅਦ ਵਿਰੋਧ ਪ੍ਰਦਰਸ਼ਨਾਂ ਵਿੱਚ ਹਿੱਸਾ ਲੈਣ ਵਾਲੇ ਉਨ੍ਹਾਂ ਦੇ ਸਮਰਥਕਾਂ ਖ਼ਿਲਾਫ਼ ਆਰਮੀ ਐਕਟ ਲਾਗੂ ਕਰੇਗੀ। ਇਮਰਾਨ ਖਾਨ ਨੇ ਐਤਵਾਰ ਨੂੰ ਇਕ ਟਵੀਟ 'ਚ ਕਿਹਾ ਕਿ ਉਨ੍ਹਾਂ ਦੇ ਸਮਰਥਕਾਂ ਨੂੰ ਵੱਡੇ ਪੱਧਰ 'ਤੇ ਦਬਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ ਅਤੇ ਇਸ ਦੇ ਲਈ ਆਰਮੀ ਐਕਟ ਦੀ ਵਰਤੋਂ ਕੀਤੀ ਜਾਵੇਗੀ।

ਫੌਜ ਦੀ ਲੀਡਰਸ਼ਿਪ ਨੇ ਸੋਮਵਾਰ ਨੂੰ ਐਲਾਨ ਕੀਤਾ ਕਿ 9 ਮਈ ਦੀ 'ਗੁੰਡਾਗਰਦੀ' ਦੀ ਯੋਜਨਾ ਬਣਾਉਣ, ਭੜਕਾਉਣ ਅਤੇ ਅੰਜਾਮ ਦੇਣ ਵਾਲਿਆਂ 'ਤੇ ਆਰਮੀ ਐਕਟ ਅਤੇ ਆਫੀਸ਼ੀਅਲ ਸੀਕਰੇਟਸ ਐਕਟ ਦੇ ਤਹਿਤ ਮਾਮਲਾ ਦਰਜ ਕੀਤਾ ਜਾਵੇਗਾ। ਫੌਜ ਦੇ ਬਿਆਨ 'ਚ 'ਯੋਜਨਾਕਾਰਾਂ' ਖਿਲਾਫ ਕਾਰਵਾਈ ਦੀ ਗੱਲ ਵੀ ਕਹੀ ਗਈ ਹੈ। ਇਹ ਇਸ ਗੱਲ ਦਾ ਸੰਕੇਤ ਸਮਝਿਆ ਜਾ ਰਿਹਾ ਹੈ ਕਿ ਇਮਰਾਨ ਖਾਨ ਖੁਦ ਅਤੇ ਉਨ੍ਹਾਂ ਦੀ ਪਾਰਟੀ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀਟੀਆਈ) ਦੇ ਸੀਨੀਅਰ ਨੇਤਾਵਾਂ ਨੂੰ ਇਸ ਕੇਸ ਵਿੱਚ ਸ਼ਾਮਲ ਕੀਤਾ ਜਾਵੇਗਾ।

ਇਮਰਾਨ ਖਾਨ ਦੀ ਗ੍ਰਿਫਤਾਰੀ ਤੋਂ ਬਾਅਦ ਫੌਜ ਦੇ ਕਈ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਇਨ੍ਹਾਂ ਹਮਲਿਆਂ ਦੀਆਂ ਤਸਵੀਰਾਂ ਅਤੇ ਵੀਡੀਉ ਦੁਨੀਆ ਭਰ 'ਚ ਵਾਇਰਲ ਹੋਈਆਂ ਸਨ। ਉਸ ਦਿਨ ਇਹ ਵੀ ਖਬਰ ਆਈ ਸੀ ਕਿ ਕਈ ਫੌਜੀ ਅਫਸਰਾਂ ਨੇ ਪ੍ਰਦਰਸ਼ਨਕਾਰੀਆਂ 'ਤੇ ਕਾਰਵਾਈ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਇਸ ਦੋਸ਼ ਹੇਠ ਦਰਜਨ ਤੋਂ ਵੱਧ ਅਫ਼ਸਰਾਂ ਤੇ ਮੁਲਾਜ਼ਮਾਂ ਨੂੰ ਫ਼ੌਜ ਵਿੱਚੋਂ ਬਰਖ਼ਾਸਤ ਕੀਤਾ ਜਾ ਚੁੱਕਾ ਹੈ।

INSURANCE
Home · Auto · Business · Trucking · Life Insurance · Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

NOW HIRING !!! ALLKIND INSURANCE
Life Insurance · Critical illness Ins · Travel & Visitor Ins · RESP & TFSA & RRSP
Super Visa Insurance · Mortgage Insurance · Disability Insurance · Funeral Insurance
SIMRAN SAINI 416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance · Mortgage Insurance · Life Insurance · Visitor & Travel Insurance · RESP(Education Plan) · Critical Illness Insurance
RANJIT GILL Insurance Advisor 416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

OURR HOME & APPLIANCES
$1449* · $2999* · $4799*
Mother's Day SPECIAL
*Limited Time Offer
KitchenAid · MAYTAG · LG · SAMSUNG · Electrolux · JENNAIR · BOSCH · Whirlpool
416-551-5553
WWW.OURRHOMEAPPLIANCES.COM

AUTO & HOME INSURANCE
Super visa Insurance · Life & Disability · Critical illness · RESP · Visitor & Travel insurance
(416-845-1352) Manwinder Mangat
Axcel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
Real Estate · Commercial Lease · Business Purchase & Sale · Notarizations & Affidavits · Wills & Power Of Attorney
Fax: 905-913-2344 Tel: 905-913-2355
Aman Sharma Open Saturday
25 Cherrycrest Drive, Unit # 6 Brampton, ON, L6P 3W4
Providing excellent quality legal services to our clients

HELPING YOU PLAN TODAY...FOR TOMORROW
Supervisa / Visitor Insurance · Life /Mortgage/Funeral Insurance · Disability Insurance · Critical Illness Insurance · RESP /RRSP
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration · Real Estate · Family Law · Business Closing · Corporate · Wills & Estate · Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley 905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential · Commercial · Industrial
Specialist in Bedbugs Service
All Pest Control :
Mouse & Rats · Spiders & Fleas · Bedbugs · Wasps · Cockroaches · Carpenter Ants · Silver Fish · Racoons
Call : PARESH PATEL
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਫਿਕਰ ਹੈ?
www.MakeMeDebtFree.ca
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
Late Evening and Weekends Appointments Available 1888 864 3131
Jasbir Singh Hundal Qualified Credit Counsellor
416-502-3100 Unit #20 - 7015 Tranmere Drive Mississauga, ON L5S 1T7

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
Cell: 416 726 6206 Tel: 905 405 0001
NC Dhawan Certified Instructor

A-One Drivers TRAINING SCHOOL
647-998-7500 ਬਲਵਿੰਦਰ

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
Cell: 416-841-4218 Tel: 905-216-5563
AvonFinancial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law · Business Law · Wills & Estates · Family Law · Power of Attorney · Civil Litigation · Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
T: 905 799 9333
2130 North Park Dr. Suite 246 Brampton, ON L6S 0C9 www.mannlawfirm.ca

# ਵੈਸਟਜੈੱਟ ਦੇ ਪਾਇਲਟਸ ਨੇ 72 ਘੰਟਿਆਂ ਵਿੱਚ ਹੜਤਾਲ ਦਾ ਦਿੱਤਾ ਅਲਟੀਮੇਟਮ

ਓਟਵਾ, 16 ਮਈ (ਪੋਸਟ ਬਿਊਰੋ) : ਵੈਸਟਜੈੱਟ ਦੇ ਪਾਇਲਟਸ ਦੀ ਨੁਮਾਇੰਦਗੀ ਕਰ ਰਹੀ ਯੂਨੀਅਨ ਨੇ ਅਲਟੀਮੇਟਮ ਦਿੱਤਾ ਹੈ ਕਿ ਜੇ ਡੈੱਡਲਾਈਨ ਤੱਕ ਕਿਸੇ ਨਵੇਂ ਸਮਝੌਤੇ ਉੱਤੇ ਨਾ ਪਹੁੰਚਿਆ ਗਿਆ ਤਾਂ ਸ਼ੁੱਕਰਵਾਰ ਸਵੇਰ ਨੂੰ ਉਸ ਦੇ 1600 ਮੈਂਬਰ ਹੜਤਾਲ ਉੱਤੇ ਚਲੇ ਜਾਣਗੇ।



ਮਈ ਦੇ ਲਾਂਗਵੀਕੈਂਡ ਤੋਂ ਪਹਿਲਾਂ ਯੂਨੀਅਨ ਨੇ ਆਖਿਆ ਕਿ ਹੜਤਾਲ ਤੋਂ ਬਾਅਦ ਸਾਰੇ ਜਹਾਜ਼ਾਂ ਦੀ ਉਡਾਨ ਬੰਦ ਕਰ ਦਿੱਤੀ ਜਾਵੇਗੀ ਤੇ ਸਾਰਾ ਕੰਮਕਾਜ ਠੱਪ ਕਰ ਦਿੱਤਾ ਜਾਵੇਗਾ। ਵੈਸਟਜੈੱਟ ਏਅਰ ਲਾਈਨ ਪਾਇਲਟਸ ਐਸੋਸਿਏਸ਼ਨ (ਏਐਲਪੀਏ) ਦਾ ਕਹਿਣਾ ਹੈ ਕਿ ਕੰਪਨੀ ਨਾਲ ਡੀਲ ਸਿਰੇ ਚੜ੍ਹਾਉਣ ਲਈ ਉਨ੍ਹਾਂ ਦੀ ਕਮੇਟੀ 24×7 ਉਪਲਬਧ ਹੈ। ਅਪਰੈਲ ਵਿੱਚ ਏਐਲਪੀਏ ਨੇ ਆਖਿਆ ਸੀ ਕਿ ਉਸ ਦੇ 93 ਫੀ ਸਦੀ ਮੈਂਬਰ ਹੜਤਾਲ ਦੇ ਪੱਖ ਵਿੱਚ ਹਨ। ਯੂਨੀਅਨ ਦਾ ਇਹ ਵੀ ਕਹਿਣਾ ਹੈ ਕਿ ਉਨ੍ਹਾਂ ਵੱਲੋਂ ਬਿਹਤਰ ਤਨਖਾਹਾਂ, ਸ਼ਡਿਊਲ ਤੇ ਨੌਕਰੀ ਦੀ ਸੁਰੱਖਿਆ ਦੀ ਮੰਗ ਕੀਤੀ ਜਾ ਰਹੀ ਹੈ।

ਪਿਛਲੇ ਹਫਤੇ ਯੂਨੀਅਨ ਨੇ ਟਵਿੱਟਰ ਉੱਤੇ ਬਾਰਗੇਨਿੰਗ ਸਬੰਧੀ ਵੇਰਵੇ ਪਾਉਣੇ ਸ਼ੁਰੂ ਕਰ ਦਿੱਤੇ ਸਨ ਪਰ ਸੋਮਵਾਰ ਨੂੰ ਹੜਤਾਲ ਦਾ ਅਲਟੀਮੇਟਮ ਦੇ ਦਿੱਤਾ ਗਿਆ। ਪਿਛਲੇ ਹਫਤੇ ਜਾਰੀ ਰਲੀਜ਼ ਵਿੱਚ ਵੈਸਟਜੈੱਟ ਏਐਲਪੀਏ ਦੇ ਚੇਅਰ ਬਰਨਾਰਡ ਲੀਵਾਲ ਨੇ ਆਖਿਆ ਕਿ ਪਿਛਲੇ ਡੇਢ ਸਾਲ ਵਿੱਚ ਕੁੱਝ 340 ਪਾਇਲਟਾਂ ਵੱਲੋਂ ਕੰਪਨੀ ਛੱਡ ਕੇ ਜਾ ਚੁੱਕੇ ਹਨ ਤੇ ਬਹੁਤੇ ਹੋਰਨਾਂ ਏਅਰਲਾਈਨਜ਼ ਨਾਲ ਕੰਮ ਕਰ ਰਹੇ ਹਨ।

ਪਰ ਏਅਰਲਾਈਨ ਦਾ ਕਹਿਣਾ ਹੈ ਕਿ ਉਹ ਆਪਣੇ ਪਾਇਲਟਾਂ ਨੂੰ ਕੈਨੇਡਾ ਵਿੱਚ ਸੱਭ ਤੋਂ ਬਿਹਤਰ ਤਨਖਾਹ ਦੇ ਰਹੀ ਹੈ। ਏਐਲਪੀਏ ਦੇ ਹੜਤਾਲ ਦੇ ਨੋਟਿਸ ਦੇ ਬਦਲੇ ਵਿੱਚ ਵੈਸਟਜੈੱਟ ਨੇ ਆਖਿਆ ਕਿ ਉਹ ਗੱਲਬਾਤ ਨੂੰ ਜਾਰੀ ਰੱਖਣ ਦੀ ਪੂਰੀ ਕੋਸ਼ਿਸ਼ ਕਰੇਗੀ ਤੇ ਇਸ ਮਸਲੇ ਦਾ ਕੋਈ ਹੱਲ ਜਲਦ ਹੀ ਕੱਢੇਗੀ।

# ਵਿਜੀਲੈਂਸ ਵੱਲੋਂ ਆਮਦਨ ਤੋਂ ਵੱਧ ਜਾਇਦਾਦ ਮਾਮਲੇ ਵਿਚ ਕਾਂਗਰਸੀ ਸਾਬਕਾ ਵਿਧਾਇਕ ਕੁਸ਼ਲਦੀਪ ਕਿੱਕੀ ਢਿੱਲੋਂ ਗ੍ਰਿਫਤਾਰ

ਚੰਡੀਗੜ੍ਹ, 16 ਮਈ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਮੰਗਲਵਾਰ ਨੂੰ ਫਰੀਦਕੋਟ ਦੇ ਸਾਬਕਾ ਵਿਧਾਇਕ ਕੁਸ਼ਦੀਪ ਸਿੰਘ ਢਿੱਲੋਂ ਨੂੰ ਆਪਣੀ ਆਮਦਨ ਦੇ ਜਾਣੂ ਸਰੋਤਾਂ ਤੋਂ ਵੱਧ ਦੌਲਤ ਇਕੱਠੀ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਹੈ। ਇਸ ਕੇਸ ਵਿੱਚ ਉਸ ਦੇ ਦੋ ਸਾਥੀਆਂ ਉਪਰ ਵੀ ਮੁਕੱਦਮਾ ਦਰਜ ਕੀਤਾ ਗਿਆ ਹੈ।



ਅੱਜ ਇੱਥੇ ਇਸ ਗੱਲ ਦਾ ਖੁਲਾਸਾ ਕਰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਵਿਧਾਇਕ ਸਮੇਤ ਪਿੰਡ ਦੇ ਧੰਨਾ, ਜਿਲਾ ਫਰੀਦਕੋਟ ਦੇ ਵਸਨੀਕ ਗੁਰਸੇਵਕ ਸਿੰਘ ਦੇ ਨਾਲ-ਨਾਲ ਪਿੰਡ ਨਾਨਕਸਰ ਸ਼ਹੀਦ, ਫਿਰੋਜ਼ਪੁਰ ਜ਼ਿਲ੍ਹੇ ਦੇ ਰਾਜਵਿੰਦਰ ਸਿੰਘ ਖਿਲਾਫ ਵਿਜੀਲੈਂਸ ਜਾਂਚ ਤੋਂ ਬਾਅਦ ਭ੍ਰਿਸ਼ਟਾਚਾਰ ਦਾ ਮਾਮਲਾ ਦਰਜ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਉਸਦੀ ਸਾਰੀ ਚੱਲ ਅਤੇ ਅਚੱਲ ਸੰਪਤੀਆਂ ਦਾ ਮੁਲਾਂਕਣ ਕਰਨ ਲਈ ਬਿਊਰੋ ਦੁਆਰਾ 01-04-2017 ਤੋਂ 31-03-2022 ਤੱਕ ਪੰਜ ਸਾਲਾਂ ਲਈ ਇੱਕ ਜਾਂਚ ਦੀ ਮਿਆਦ ਨਿਰਧਾਰਤ ਕੀਤੀ ਗਈ ਸੀ।

ਜਾਂਚ ਦੌਰਾਨ ਇਹ ਪਾਇਆ ਗਿਆ ਕਿ ਸਾਬਕਾ ਵਿਧਾਇਕ ਨੇ ਆਪਣੀ ਕੁੱਲ ਆਮਦਨ ਤੋਂ ਵੱਧ ਦੌਲਤ ਬਣਾਈ ਹੈ ਅਤੇ ਪਿੰਡ ਮੁਮਾਰਾ, ਤਹਿਸੀਲ ਸਾਦਿਕ, ਜਿਲਾ ਫਰੀਦਕੋਟ ਵਿੱਚ ਹੋਰ ਵਿਅਕਤੀਆਂ ਦੇ ਨਾਮ 'ਤੇ ਜਾਇਦਾਦ ਖਰੀਦੀ ਹੈ। ਉਸਨੇ ਅੱਗੇ ਕਿਹਾ ਕਿ ਇਹ ਵੀ ਪਾਇਆ ਗਿਆ ਕਿ ਉਸਨੇ ਆਪਣੀ ਆਮਦਨੀ ਦੇ ਜਾਣੂ ਸਰੋਤਾਂ ਨਾਲੋਂ ਲਗਭਗ 245 ਪ੍ਰਤੀਸ਼ਤ ਖਰਚ ਕੀਤਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸਬੰਧ ਵਿੱਚ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਦੀ ਧਾਰਾ 13 (1), 13 (2) ਅਤੇ ਆਈਪੀਸੀ ਦੀ 120-ਬੀ ਦੇ ਤਹਿਤ ਵਿਜੀਲੈਂਸ ਬਿਊਰੋ ਦੇ ਪੁਲਿਸ ਥਾਣਾ ਫਿਰੋਜ਼ਪੁਰ ਰੇਂਜ ਵਿੱਚ ਉਪਰੋਕਤ ਸਾਰੇ ਮੁਲਜ਼ਮਾਂ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ। ਸਾਬਕਾ ਵਿਧਾਇਕ ਨੂੰ ਇਸ ਮਾਮਲੇ ਵਿੱਚ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਭਲਕੇ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

## ਅੱਜ ਨਾਮਾ

ਗੱਲ-ਗੱਲ ਉੱਤੇ ਪੰਜਾਬ ਨੂੰ ਦੁਖੀ ਕਰਨਾ,
ਕੇਂਦਰ ਵਾਲਿਆਂ ਦਾ ਮਾੜਾ ਏ ਰੰਗ ਬੇਲੀ।
ਮਾਮਲਾ ਕੋਈ ਨਾ ਕੋਈ ਉਹ ਪਕੜ ਲੈਂਦੇ,
ਚਾਹੁੰਦੇ ਈ ਕਰਨਾ ਪੰਜਾਬ ਨੂੰ ਤੰਗ ਬੇਲੀ।
ਰੋਕਿਆ ਪੇਂਡੂ ਵਿਕਾਸ ਲਈ ਫੰਡ ਕਹਿੰਦੇ,
ਬਾਂਹ ਮਰੋੜਨ ਦਾ ਲੱਭ ਲਿਆ ਢੰਗ ਬੇਲੀ।
ਬਣਦਾ ਹਿੱਸਾ ਪੰਜਾਬ ਜਦ ਮੰਗ ਲਿਆ ਤਾਂ,
ਭੀਖ ਵਰਗੀ ਕੋਈ ਕਰੀ ਨਹੀਂ ਮੰਗ ਬੇਲੀ।
ਕੇਂਦਰ ਤੇ ਸੂਬਿਆਂ ਦੀ ਆਪਸੀ ਹੱਦਬੰਦੀ,
ਸੰਵਿਧਾਨਕ ਪੱਖੋਂ ਤੇ ਸਾਫ ਆ ਗੱਲ ਬੇਲੀ।
ਕਰਦਾ ਏ ਕੇਂਦਰ ਜੇ ਰਾਜਾਂ ਨੂੰ ਦੁਖੀ ਏਦਾਂ,
ਉਹਦੀ ਰਹਿੰਦੀ ਵੀ ਬਚੂ ਨਹੀਂ ਭੱਲ ਬੇਲੀ।

**ਤੀਸ ਮਾਰ ਖਾਂ**

# ਦੋ ਗੱਡੀਆਂ ਦੀ ਆਹਮੋ ਸਾਹਮਣੀ ਟੱਕਰ ਵਿੱਚ ਤਿੰਨ ਜ਼ਖ਼ਮੀ

ਓਨਟਾਰੀਓ, 16 ਮਈ (ਪੋਸਟ ਬਿਊਰੋ) : ਸੋਮਵਾਰ ਰਾਤ ਨੂੰ ਬਾਥਰਸਟ ਸਟਰੀਟ ਤੇ ਫਿਸ਼ਰਵਿੱਲ ਰੋਡ ਉੱਤੇ ਦੋ ਗੱਡੀਆਂ ਦੀ ਆਹਮੋ ਸਾਹਮਣੀ ਟੱਕਰ ਤੋਂ ਬਾਅਦ ਗੱਡੀ ਨੂੰ ਅੱਗ ਲੱਗ ਗਈ ਤੇ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ। ਤਿੰਨਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਇਸ ਹਾਦਸੇ ਦੀ ਜਾਣਕਾਰੀ ਦੇ ਕੇ ਪੁਲਿਸ ਨੂੰ ਰਾਤੀਂ 7:40 ਉੱਤੇ ਇਲਾਕੇ ਵਿੱਚ ਸੱਦਿਆ ਗਿਆ। ਇੱਕ ਮਹਿਲਾ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਲੋਕਲ ਟਰੌਮਾ ਸੈਂਟਰ ਲਿਜਾਇਆ ਗਿਆ ਪਰ ਉਸ ਦੀ ਹਾਲਤ ਸਥਿਰ ਦੱਸੀ ਜਾਂਦੀ ਹੈ। ਇੱਕ ਹੋਰ ਮਹਿਲਾ ਨੂੰ ਲੋਕਲ ਹਸਪਤਾਲ ਲਿਜਾਇਆ ਗਿਆ ਤੇ ਉਸ ਨੂੰ ਮਾਮੂਲੀ ਸੱਟਾਂ ਲੱਗੀਆਂ ਦੱਸੀਆਂ ਜਾਂਦੀਆਂ ਹਨ।



ਇੱਕ ਬੱਚੇ ਨੂੰ ਵੀ ਗੰਭੀਰ ਜ਼ਖ਼ਮੀ ਹਾਲਤ ਵਿੱਚ ਸਿੱਕ ਕਿਡਜ਼ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਦੀ ਹਾਲਤ ਸਥਿਰ ਦੱਸੀ ਜਾਂਦੀ ਹੈ। ਹਾਦਸੇ ਕਾਰਨ ਬਾਥਰਸਟ ਸਟਰੀਟ ਨੂੰ ਦੋਵਾਂ ਡਾਇਰੈਕਸ਼ਨਜ਼ ਤੋਂ ਬੰਦ ਕਰ ਦਿੱਤਾ ਗਿਆ ਹੈ।ਹਾਦਸੇ ਦੀ ਜਾਂਚ ਕੀਤੀ ਜਾ ਰਹੀ ਹੈ।

# ਰਾਹੁਲ ਗਾਂਧੀ 10 ਦਿਨਾਂ ਦੌਰੇ 'ਤੇ ਜਾਣਗੇ ਅਮਰੀਕਾ, ਨਿਊਯਾਰਕ 'ਚ ਕਰਨਗੇ ਰੈਲੀ



ਨਵੀਂ ਦਿੱਲੀ, 16 ਮਈ (ਪੋਸਟ ਬਿਊਰੋ): ਕਾਂਗਰਸ ਨੇਤਾ ਰਾਹੁਲ ਗਾਂਧੀ 31 ਮਈ ਨੂੰ 10 ਦਿਨਾਂ ਲਈ ਅਮਰੀਕਾ ਦੇ ਦੌਰੇ 'ਤੇ ਹੋਣਗੇ। ਸੂਤਰਾਂ ਮੁਤਾਬਕ ਰਾਹੁਲ 4 ਜੂਨ ਨੂੰ ਨਿਊਯਾਰਕ ਦੇ ਮੈਡੀਸਨ ਸਕੁਏਅਰ ਗਾਰਡਨ 'ਚ ਕਰੀਬ 5 ਹਜਾਰ ਪ੍ਰਵਾਸੀ ਭਾਰਤੀਆਂ ਨਾਲ ਰੈਲੀ ਕਰਨਗੇ। ਇਸ ਤੋਂ ਇਲਾਵਾ ਉਹ ਪੈਨਲ ਚਰਚਾਵਾਂ ਅਤੇ ਭਾਸ਼ਣਾਂ ਲਈ ਵਾਸ਼ਿੰਗਟਨ ਅਤੇ ਕੈਲੀਫੋਰਨੀਆ ਦੀ ਸਟੈਨਫੋਰਡ ਯੂਨੀਵਰਸਿਟੀ ਵੀ ਜਾਣਗੇ। ਰਾਹੁਲ ਆਪਣੇ ਦੌਰੇ ਦੌਰਾਨ ਅਮਰੀਕੀ ਸਿਆਸਤਦਾਨਾਂ ਅਤੇ ਉੱਦਮੀਆਂ ਨਾਲ ਵੀ ਮੁਲਾਕਾਤ ਕਰਨਗੇ। ਹਾਲ ਹੀ 'ਚ ਲੰਡਨ ਦੇ ਦੌਰੇ 'ਤੇ ਗਏ ਰਾਹੁਲ ਗਾਂਧੀ ਕੈਂਬਰਿਜ ਯੂਨੀਵਰਸਿਟੀ 'ਚ ਕੇਂਦਰ ਸਰਕਾਰ ਅਤੇ ਭਾਰਤੀ ਲੋਕਤੰਤਰ ਦੀ ਆਲੋਚਨਾ ਕਰਕੇ ਸੁਰਖੀਆਂ 'ਚ ਆ ਗਏ ਸਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com •

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC MEMBER
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਮੁੱਖ ਮੰਤਰੀ ਵੱਲੋਂ ਪਟਿਆਲਾ ਵਿੱਚ ਨਵਾਂ ਬਣਿਆ ਬੱਸ ਅੱਡਾ ਲੋਕਾਂ ਨੂੰ ਸਮਰਪਿਤ

## ਯਾਤਰੀਆਂ ਲਈ ਜਨਤਕ ਆਵਾਜਾਈ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਮੌਜੂਦਾ ਬੱਸ ਸਟੈਂਡ ਤੋਂ ਇਲੈਕਟ੍ਰਿਕ ਬੱਸਾਂ ਚੱਲਣਗੀਆਂ



ਪਟਿਆਲਾ, 16 ਮਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਨੂੰ ਕਿਹਾ ਕਿ ਜਲੰਧਰ ਦੇ ਵੋਟਰਾਂ ਨੇ ਸੂਬਾ ਸਰਕਾਰ ਦੀਆਂ ਵਿਕਾਸ ਮੁਖੀ ਨੀਤੀਆਂ ਦੇ ਹੱਕ ਵਿੱਚ ਫਤਵਾ ਦੇ ਕੇ ਰਵਾਇਤੀ ਪਾਰਟੀਆਂ ਦੇ ਨਾਂਹ-ਪੱਖੀ ਅਤੇ ਨਫ਼ਰਤੀ ਰਾਜਨੀਤੀ ਦੇ ਪ੍ਰਾਪੇਗੰਡਾ ਨੂੰ ਰੱਦ ਕੀਤਾ।

ਇੱਥੇ ਨਵਾਂ ਬਣਿਆ ਬੱਸ ਅੱਡਾ ਲੋਕਾਂ ਨੂੰ ਸਮਰਪਿਤ ਕਰਨ ਮਗਰੋਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਲੰਧਰ ਸੰਸਦੀ ਹਲਕੇ ਦੇ ਵੋਟਰਾਂ ਨੇ ਸਕੂਲ ਆਫ ਐਮੀਨੈਂਸ, ਆਮ ਆਦਮੀ ਕਲੀਨਿਕਾਂ, ਬੇਮਿਸਾਲ ਵਿਕਾਸ ਤੇ ਲੋਕਾਂ ਦੀ ਭਲਾਈ ਦੇ ਹੱਕ ਵਿੱਚ ਵੋਟਾਂ ਪਾਈਆਂ ਹਨ। ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਨੇ ਵਿਕਾਸ ਦੇ ਨਾਮ ਉਤੇ ਵੋਟਾਂ ਮੰਗੀਆਂ ਸਨ, ਜਦੋਂ ਕਿ ਵਿਰੋਧੀਆਂ ਨੇ ਜਾਤ ਤੇ ਫਿਰਕਿਆਂ ਦੇ ਨਾਮ ਉਤੇ ਵੋਟਾਂ ਮੰਗੀਆਂ। ਭਗਵੰਤ ਮਾਨ ਨੇ ਕਿਹਾ ਕਿ ਜਲੰਧਰ ਦੇ ਲੋਕਾਂ ਨੇ ਸੂਬਾ ਸਰਕਾਰ ਦੇ ਹੱਕ ਵਿੱਚ ਵੱਡਾ ਫਤਵਾ ਦੇ ਕੇ ਵਿਰੋਧੀਆਂ ਨੂੰ ਚੁੱਪ ਕਰਵਾ ਦਿੱਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਜਿੱਤ ਨੇ ਉਨ੍ਹਾਂ ਨੂੰ ਹੋਰ ਜ਼ਿਆਦਾ ਸਮਰਪਣ ਤੇ ਵਚਨਬੱਧਤਾ ਨਾਲ ਲੋਕਾਂ ਦੀ ਸੇਵਾ ਕਰਨ ਦੀ ਭਾਵਨਾ ਨਾਲ ਭਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹਾਲੇ ਤੱਕ ਨਵੇਂ ਚੁਣੇ ਹੋਏ ਸੰਸਦ ਮੈਂਬਰ ਨੇ ਸਹੁੰ ਵੀ ਨਹੀਂ ਚੁੱਕੀ ਪਰ ਸਾਡੀ ਸਰਕਾਰ ਨੇ ਜਲੰਧਰ ਦੇ ਵਿਆਪਕ ਵਿਕਾਸ ਲਈ ਖਾਕਾ ਪਹਿਲਾਂ ਹੀ ਤਿਆਰ ਕਰ ਲਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਉਹ ਲੋਕਾਂ ਨਾਲ ਕੀਤੇ ਵਾਅਦਿਆਂ ਦੀ ਪੂਰਤੀ ਲਈ ਭਲਕੇ ਜਲੰਧਰ ਦਾ ਦੌਰਾ ਕਰਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਰਵਾਇਤੀ ਪਾਰਟੀਆਂ ਦੇ ਜ਼ਿੱਦੀ ਆਗੂ ਪਿਛਲੇ ਕਈ ਦਹਾਕਿਆਂ ਤੋਂ ਸੱਤਾ ਵਿੱਚ ਰਹਿਣ ਕਾਰਨ ਹੰਕਾਰੀ ਹੋ ਗਏ ਸਨ। ਉਨ੍ਹਾਂ ਕਿਹਾ ਕਿ ਇਹ ਆਗੂ ਪਿਛਲੇ ਕਈ ਸਾਲਾਂ ਤੋਂ ਲੋਕਾਂ ਨੂੰ ਭਰਮਾ ਰਹੇ ਸਨ ਪਰ ਹੁਣ ਲੋਕਾਂ ਨੇ ਉਨ੍ਹਾਂ ਨੂੰ ਸਬਕ ਸਿਖਾਇਆ ਹੈ। ਭਗਵੰਤ ਮਾਨ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਸਿਆਸਤ ਵਿੱਚ ਹਰੇਕ ਨੈਤਿਕਤਾ ਨੂੰ ਛਿੱਕੇ ਟੰਗ ਦਿੱਤਾ ਅਤੇ ਆਪਣੇ ਨਿੱਜੀ ਸਵਾਰਥਾਂ ਲਈ ਬਹੁਤ ਜ਼ਿਆਦਾ ਡਿੱਗ ਗਏ।

ਮੁੱਖ ਮੰਤਰੀ ਨੇ ਟਿੱਪਣੀ ਕੀਤੀ ਕਿ ਅਜਿਹੇ ਲੋਕ ਮਹੱਤਵ ਵਾਲੇ ਸਮਾਰੋਹ ਪਿਛਲੀਆਂ ਸਰਕਾਰਾਂ ਦੌਰਾਨ ਕਾਫ਼ੀ ਮੁਸ਼ਕਲ ਨਾਲ ਹੁੰਦੇ ਸਨ। ਉਨ੍ਹਾਂ ਕਿਹਾ ਕਿ ਹੁਣ ਨਵੇਂ ਯੁੱਗ ਦੀ ਸ਼ੁਰੂਆਤ ਹੋਈ ਹੈ ਅਤੇ ਸਰਕਾਰ ਵੱਲੋਂ ਅਜਿਹੇ ਪ੍ਰਾਜੈਕਟ ਲਗਾਤਾਰ ਲੋਕਾਂ ਨੂੰ ਸਮਰਪਿਤ ਕੀਤੇ ਜਾ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਅਜਿਹੇ ਪ੍ਰਾਜੈਕਟ ਲੋਕਾਂ ਨੂੰ ਸਮਰਪਿਤ ਕਰ ਕੇ ਸਹੂਲਤਾਂ ਦੇਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਮੁੜ ਨੰਬਰ ਇਕ ਬਣਨ ਦੇ ਰਾਹ ਉਤੇ ਹੈ ਕਿਉਂਕਿ ਲੋਕਾਂ ਵੱਲੋਂ ਚੁਣੀ ਹੋਈ ਸਰਕਾਰ ਨਿੱਤ ਨਵੇਂ ਪ੍ਰਾਜੈਕਟ ਲੋਕਾਂ ਨੂੰ ਸਮਰਪਿਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲੀ ਦਫ਼ਾ ਹੈ ਕਿ ਜਦੋਂ ਨੀਤੀਆਂ ਲੋਕਾਂ ਨਾਲ ਵਿਆਪਕ ਵਿਚਾਰ-ਵਟਾਂਦਰਾ ਕਰ ਕੇ ਬਣਾਈਆਂ ਜਾ ਰਹੀਆਂ ਹਨ। ਭਗਵੰਤ ਮਾਨ ਨੇ ਕਿਹਾ ਕਿ ਇਹ ਕਾਫ਼ੀ ਮਾਣ ਤੇ ਤਸੱਲੀ ਵਾਲੀ ਗੱਲ ਹੈ ਕਿ ਫਾਜ਼ਿਲਕਾ ਜ਼ਿਲ੍ਹੇ ਦੇ ਕਿਸਾਨਾਂ ਨੇ ਪਹਿਲੀ ਵਾਰ ਨਰਮੇ ਦੀ ਫ਼ਸਲ ਨਹਿਰੀ ਪਾਣੀ ਨਾਲ ਬੀਜੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਬਿਜਲੀ ਬਚਾਉਣ ਲਈ ਇਕ ਹੋਰ ਵੱਡੀ ਪਹਿਲਕਦਮੀ ਕਰਦਿਆਂ ਸੂਬਾ ਸਰਕਾਰ ਨੇ ਪੰਜਾਬ ਵਿੱਚ ਝੋਨੇ ਦੀ ਲੁਆਈ ਪੜਾਅਵਾਰ ਢੰਗ ਨਾਲ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਲਵਾਈ 10 ਜੂਨ ਤੋਂ ਸ਼ੁਰੂ ਹੋਵੇਗੀ ਅਤੇ ਸੂਬੇ ਭਰ ਵਿੱਚ 10 ਜੂਨ ਤੋਂ ਇਲਾਵਾ 16, 19 ਤੇ 21 ਜੂਨ ਨੂੰ ਝੋਨੇ ਦੀ ਲਵਾਈ ਦੀ ਇਜਾਜ਼ਤ ਹੋਵੇਗੀ। ਭਗਵੰਤ ਮਾਨ ਨੇ ਕਿਹਾ ਕਿ ਇਸ ਕੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਲਵਾਈ ਵਾਸਤੇ ਪੰਜਾਬ ਨੂੰ ਚਾਰ ਜ਼ੋਨਾਂ ਵਿੱਚ ਵੰਡਿਆ ਗਿਆ ਹੈ। ਵਧੇਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਟੁੱਟਵੇਂ ਢੰਗ ਨਾਲ ਝੋਨੇ ਦੀ ਲਵਾਈ ਹੋਣ ਕਾਰਨ ਸਿੰਜਾਈ ਦੀਆਂ ਸਹੂਲਤਾਂ ਨੂੰ ਸੁਚਾਰੂ ਕਰਨ ਵਿੱਚ ਮਦਦ ਮਿਲੇਗੀ। ਪਹਿਲੇ ਪੜਾਅ ਵਿੱਚ ਕੌਮਾਂਤਰੀ ਸਰਹੱਦ ਨੇੜੇ ਤਾਰ ਤੋਂ ਪਾਰ 10 ਜੂਨ ਤੋਂ ਝੋਨਾ ਲਾਇਆ ਜਾਵੇਗਾ, ਜਿਸ ਲਈ ਕਿਸਾਨਾਂ ਨੂੰ ਬਾਕਾਇਦਾ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਦੂਜੇ ਪੜਾਅ ਵਿੱਚ ਸੱਤ ਜ਼ਿਲ੍ਹਿਆਂ, ਫ਼ਿਰੋਜ਼ਪੁਰ, ਫ਼ਰੀਦਕੋਟ, ਪਠਾਨਕੋਟ, ਸ੍ਰੀ ਫਤਹਿਗੜ੍ਹ ਸਾਹਿਬ, ਗੁਰਦਾਸਪੁਰ, ਸ਼ਹੀਦ ਭਗਤ ਸਿੰਘ ਨਗਰ ਅਤੇ ਤਰਨ ਤਾਰਨ ਵਿੱਚ 16 ਜੂਨ ਤੋਂ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇਗੀ। ਭਗਵੰਤ ਮਾਨ ਨੇ ਕਿਹਾ ਕਿ ਤੀਜੇ ਪੜਾਅ ਵਿੱਚ ਰੂਪਨਗਰ, ਐਸ.ਏ.ਐਸ. ਨਗਰ, ਕਪੂਰਥਲਾ, ਲੁਧਿਆਣਾ, ਫਾਜ਼ਿਲਕਾ, ਬਠਿੰਡਾ ਤੇ ਅੰਮ੍ਰਿਤਸਰ ਸਮੇਤ ਸੱਤ ਜ਼ਿਲ੍ਹਿਆਂ ਵਿੱਚ 19 ਜੂਨ ਤੋਂ ਝੋਨੇ ਦੀ ਲਵਾਈ ਤੀਜੇ ਗੇੜ ਵਿੱਚ ਹੋਵੇਗੀ, ਜਦੋਂ ਕਿ ਬਾਕੀ ਬਚਦੇ ਨੌਂ ਜ਼ਿਲ੍ਹਿਆਂ ਪਟਿਆਲਾ, ਜਲੰਧਰ, ਮੋਗਾ, ਸ੍ਰੀ ਮੁਕਤਸਰ ਸਾਹਿਬ, ਹੁਸ਼ਿਆਰਪੁਰ, ਸੰਗਰੂਰ, ਮਾਲੇਰਕੋਟਲਾ, ਬਰਨਾਲਾ ਤੇ ਮਾਨਸਾ ਵਿੱਚ 21 ਜੂਨ ਤੋਂ ਝੋਨੇ ਦੀ ਲਵਾਈ ਹੋਵੇਗੀ।

ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਉਤੇ ਤਿੱਖਾ ਹਮਲਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੈਪਟਨ ਆਪਣੇ ਕਾਰਜਕਾਲ ਦੌਰਾਨ ਕਦੇ ਵੀ ਆਪਣੇ ਜੱਦੀ ਸ਼ਹਿਰ ਵਿੱਚ ਨਹੀਂ ਆਏ। ਭਗਵੰਤ ਮਾਨ ਨੇ ਕਿਹਾ ਕਿ ਉਹ ਕਾਰਜਭਾਰ ਸੰਭਾਲਣ ਤੋਂ ਬਾਅਦ ਇਸ ਸ਼ਾਹੀ ਸ਼ਹਿਰ ਵਿੱਚ ਮਹਾਰਾਜਾ ਪਟਿਆਲਾ ਦੇ ਸਮੁੱਚੇ ਕਾਰਜਕਾਲ ਵਿੱਚ ਮਾਰੇ ਗੇੜਿਆਂ ਨਾਲੋਂ ਵੱਧ ਵਾਰ ਆਏ ਹਨ। ਉਨ੍ਹਾਂ ਕਿਹਾ ਕਿ ਇਸੇ ਤਬਦੀਲੀ ਲਈ ਲੋਕਾਂ ਨੇ ਵਿਕਾਸ-ਪੱਖੀ ਸਰਕਾਰ ਨੂੰ ਚੁਣਿਆ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੇ ਰਵਾਇਤੀ ਪਾਰਟੀਆਂ ਦੇ ਨਾਂਹ-ਪੱਖੀ ਪ੍ਰਚਾਰ ਨੂੰ ਸਿਰੇ ਤੋਂ ਰੱਦ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੀਆਂ ਪਾਰਟੀਆਂ ਨੇ ਸੂਬੇ ਦੀ ਲੋਕ-ਪੱਖੀ ਸਰਕਾਰ ਵਿਰੁੱਧ ਹੱਥ ਮਿਲਾ ਲਿਆ ਪਰ ਲੋਕਾਂ ਨੇ ਉਨ੍ਹਾਂ ਨੂੰ ਸਬਕ ਸਿਖਾ ਦਿੱਤਾ ਹੈ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਫੰਡਾਂ ਦੀ ਕੋਈ ਘਾਟ ਨਹੀਂ ਹੈ।

ਮੁੱਖ ਮੰਤਰੀ ਨੇ ਸਪੱਸ਼ਟ ਸ਼ਬਦਾਂ ਵਿਚ ਕਿਹਾ ਕਿ ਉਹ ਸਿਰਫ਼ ਸੂਬੇ ਦੇ ਲੋਕਾਂ ਪ੍ਰਤੀ ਜਵਾਬਦੇਹ ਹਨ ਨਾ ਕਿ ਉਨ੍ਹਾਂ ਲੋਕਾਂ ਨੂੰ ਜਿਨ੍ਹਾਂ ਦੇ ਪੁਰਖਿਆਂ ਨੇ ਜਲ੍ਹਿਆਂਵਾਲਾ ਬਾਗ ਦੇ ਸਾਕੇ ਤੋਂ ਬਾਅਦ ਜਨਰਲ ਡਾਇਰ ਨੂੰ ਸਨਮਾਨਿਤ ਕੀਤਾ ਸੀ। ਉਨ੍ਹਾਂ ਕਿਹਾ ਕਿ ਜਿਹੜੇ ਆਗੂ ਡਰੱਗ ਮਾਫੀਆ ਦੀ ਸਰਪ੍ਰਸਤੀ ਕਰਦੇ ਰਹੇ ਹਨ ਅਤੇ ਇਸ ਸਮੇਂ ਆਪਣੇ ਗੁਨਾਹਾਂ ਲਈ ਜ਼ਮਾਨਤ 'ਤੇ ਹਨ, ਉਨ੍ਹਾਂ ਨੂੰ ਕੋਈ ਵੀ ਸਵਾਲ ਪੁੱਛਣ ਦਾ ਨੈਤਿਕ ਹੱਕ ਨਹੀਂ। ਭਗਵੰਤ ਮਾਨ ਨੇ ਕਿਹਾ ਕਿ ਇਨ੍ਹਾਂ ਅਖੌਤੀ ਕਾਨਵੈਂਟ ਸਕੂਲਾਂ ਦੇ ਪੜ੍ਹੇ-ਲਿਖੇ ਲੀਡਰਾਂ ਨੂੰ ਕਿਸੇ ਨਾਲ ਗੱਲ ਕਰਨ ਦਾ ਸਲੀਕਾ ਵੀ ਨਹੀਂ ਹੈ, ਜਿਸ ਕਾਰਨ ਉਹ ਆਪਣੇ ਸਿਆਸੀ ਵਿਰੋਧੀਆਂ ਵਿਰੁੱਧ ਗਲਤ ਭਾਸ਼ਾ ਦੀ ਵਰਤੋਂ ਕਰਦੇ ਹਨ, ਜੋ ਕਿ ਅਣਉਚਿਤ ਅਤੇ ਗੈਰਵਾਜਬ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਲੋਕਾਂ ਨੇ ਪੰਜਾਬ ਵਾਸੀਆਂ ਨੂੰ ਵਿਸਾਰ ਦਿੱਤਾ ਸੀ ਅਤੇ ਸੂਬੇ ਅਤੇ ਇਸ ਦੇ ਲੋਕਾਂ ਵਿਰੁੱਧ ਕਦਮ ਚੁੱਕੇ ਜਿਸ ਕਾਰਨ ਇਨ੍ਹਾਂ ਨੂੰ ਲੋਕਾਂ ਨੇ ਬੁਰੀ ਤਰ੍ਹਾਂ ਨਕਾਰ ਦਿੱਤਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਛੇਤੀ ਹੀ ਮੁੱਢਲੀਆਂ ਭਲਾਈ ਸਕੀਮਾਂ ਦਾ ਲਾਭ ਘਰ-ਘਰ ਪਹੁੰਚਾਉਣ ਦਾ ਕਾਰਜ ਸ਼ੁਰੂ ਕੀਤਾ ਜਾਵੇਗਾ ਤਾਂ ਜੋ ਲੋਕਾਂ ਨੂੰ ਇਸ ਦਾ ਭਰਪੂਰ ਲਾਹਾ ਮਿਲ ਸਕੇ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਸੂਬੇ ਦੇ ਲੋਕਾਂ ਦੀ ਭਲਾਈ ਲਈ ਕੰਮ ਕਰਨ ਤੋਂ ਕੋਈ ਨਹੀਂ ਰੋਕ ਸਕਦਾ ਅਤੇ ਉਹ ਏਸੇ ਤਰ੍ਹਾਂ ਉਨ੍ਹਾਂ ਦੀ ਭਲਾਈ ਲਈ ਕੰਮ ਕਰਦੇ ਰਹਿਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਸਨਅਤਾਂ ਲਈ ਵਿਸ਼ੇਸ਼ ਤੌਰ ਉਤੇ ਹਰੇ ਰੰਗ ਦਾ ਸਟੈਂਪ ਪੇਪਰ ਲਾਗੂ ਕਰਨ ਦਾ ਫੈਸਲਾ ਅਮਲ ਵਿਚ ਲਿਆਂਦਾ ਅਤੇ ਇਸ ਨੇਕ ਉਪਰਾਲੇ ਨਾਲ ਸੂਬੇ ਵਿੱਚ ਹੋਰ ਨਿਵੇਸ਼ ਆਕਰਸ਼ਤਿ ਹੋਵੇਗਾ ਜਿਸ ਨਾਲ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ ਅਤੇ ਸੂਬੇ ਦੇ ਲੋਕਾਂ ਨੂੰ ਸਹੂਲਤ ਮਿਲੇਗੀ। ਉਨ੍ਹਾਂ ਨੇ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਹਰ ਫੈਸਲਾ ਏਸੇ ਉਦੇਸ਼ ਨੂੰ ਸਮਰਪਿਤ ਹੋਵੇਗਾ। ਭਗਵੰਤ ਮਾਨ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ, ਜਦੋਂ ਹੋਰ ਸੂਬੇ ਵੀ ਪੰਜਾਬ ਸਰਕਾਰ ਦੇ ਇਸ ਉਦਯੋਗ ਪੱਖੀ ਪਹਿਲਕਦਮੀ ਨੂੰ ਲਾਗੂ ਕਰਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਇਕ ਸਾਲ ਪਹਿਲਾਂ ਸੂਬੇ ਦੇ ਲੋਕਾਂ ਨੇ ਉਨ੍ਹਾਂ ਨੂੰ ਇਲੈਕਟ੍ਰਾਨਿਕ ਵੋਟਿੰਗ ਮਸ਼ੀਨ (ਈ.ਵੀ.ਐਮ.) ਦਾ ਬਟਨ ਦਬਾ ਕੇ ਸੱਤਾ ਵਿੱਚ ਲਿਆਂਦਾ ਸੀ। ਭਗਵੰਤ ਮਾਨ ਨੇ ਕਿਹਾ ਕਿ ਅੱਜ ਇਕ ਸਾਲ ਦੇ ਅੰਦਰ ਉਹ ਸੂਬੇ ਦੇ ਲੋਕਾਂ ਨੂੰ ਨਵੇਂ ਪ੍ਰੋਜੈਕਟ ਸਮਰਪਿਤ ਕਰਨ ਲਈ ਰੋਜ਼ਾਨਾ ਚਾਰ-ਪੰਜ ਬਟਨ ਦਬਾ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਦਿਨ ਦੂਰ ਨਹੀਂ ਜਦੋਂ ਸੂਬਾ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਪੰਜਾਬ, ਦੇਸ਼ ਦਾ ਮੋਹਰੀ ਸੂਬਾ ਬਣ ਕੇ ਉਭਰੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਨਵਾਂ ਬਣਿਆ ਬੱਸ ਸਟੈਂਡ ਲਿਫਟਾਂ ਸਮੇਤ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਹੈ। ਉਨ੍ਹਾਂ ਦੱਸਿਆ ਕਿ 61 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਇਸ ਬੱਸ ਸਟੈਂਡ ਵਿੱਚ ਲੋਕਾਂ ਦੀ ਸਹੂਲਤ ਲਈ 45 ਕਾਊਂਟਰ ਹਨ ਅਤੇ ਮੌਜੂਦਾ ਬੱਸ ਸਟੈਂਡ ਨੂੰ ਸਿਟੀ ਬੱਸ ਸਟੈਂਡ ਵਜੋਂ ਵਰਤਿਆ ਜਾਵੇਗਾ ਜਿੱਥੋਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਲਈ ਇਲੈਕਟ੍ਰੀਕਲ ਸ਼ਟਲ ਬੱਸ ਸੇਵਾ ਸ਼ੁਰੂ ਕੀਤੀ ਜਾਵੇਗੀ।

ਭਗਵੰਤ ਮਾਨ ਨੇ ਕਿਹਾ ਕਿ ਪਟਿਆਲਾ ਬੱਸ ਸਟੈਂਡ ਦੀ ਤਰਜ਼ 'ਤੇ ਸੂਬੇ ਭਰ ਵਿੱਚ ਅਜਿਹੇ ਹੋਰ ਬੱਸ ਸਟੈਂਡ ਬਣਾਏ ਜਾਣਗੇ।

ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਲਾਲਜੀਤ ਸਿੰਘ ਭੁੱਲਰ ਅਤੇ ਡਾ: ਬਲਬੀਰ ਸਿੰਘ ਸਮੇਤ ਹੋਰ ਵੀ ਹਾਜ਼ਰ ਸਨ।






# ਸਾਉਣੀ ਦੇ ਮੌਸਮ ਦੌਰਾਨ ਪੰਜਾਬ ਦੀਆਂ ਨਹਿਰਾਂ ਵਿੱਚ 22 ਮਈ ਤੱਕ ਪਾਣੀ ਛੱਡਣ ਦਾ ਪ੍ਰੋਗਰਾਮ ਜਾਰੀ



ਚੰਡੀਗੜ੍ਹ, 16 ਮਈ (ਪੋਸਟ ਬਿਊਰੋ): ਸਾਉਣੀ ਦੇ ਮੌਸਮ ਲਈ ਨਹਿਰੀ ਪ੍ਰੋਗਰਾਮ ਦਾ ਐਲਾਨ ਕਰਦਿਆਂ ਜਲ ਸਰੋਤ ਵਿਭਾਗ, ਪੰਜਾਬ ਦੇ ਬੁਲਾਰੇ ਨੇ ਦੱਸਿਆ ਕਿ 15 ਤੋਂ 22 ਮਈ 2023 ਤੱਕ ਸਰਹਿੰਦ ਕੈਨਾਲ ਸਿਸਟਮ ਜਿਵੇਂ ਕਿ ਬਿਸਤ ਦੁਆਬ ਕੈਨਾਲ, ਸਿੱਧਵਾਂ ਬਰਾਂਚ, ਬਠਿੰਡਾ ਬ੍ਰਾਂਚ, ਪਟਿਆਲਾ ਫੀਡਰ ਅਤੇ ਅਬੋਹਰ ਬ੍ਰਾਂਚ ਕ੍ਰਮਵਾਰ ਪਹਿਲੀ, ਦੂਜੀ, ਤੀਜੀ, ਚੌਥੀ ਅਤੇ ਪੰਜਵੀ ਤਰਜੀਹ ਦੇ ਆਧਾਰ 'ਤੇ ਚੱਲਣਗੀਆਂ।

ਬੁਲਾਰੇ ਨੇ ਨਹਿਰੀ ਪ੍ਰੋਗਰਾਮ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਖੜਾ ਮੇਨ ਲਾਈਨ ਵਿਚੋਂ ਨਿਕਲਦੀਆਂ ਨਹਿਰਾਂ ਜੋ ਕਿ ਗਰੁੱਪ 'ਏ' ਵਿੱਚ ਹੈ, ਨੂੰ ਪਹਿਲੀ ਤਰਜੀਹ ਦੇ ਆਧਾਰ 'ਤੇ ਪੂਰਾ ਪਾਣੀ ਮਿਲੇਗਾ। ਘੱਗਰ ਲਿੰਕ ਅਤੇ ਇਸ ਵਿਚੋਂ ਨਿਕਲਦੀ ਘੱਗਰ ਬ੍ਰਾਂਚ ਅਤੇ ਪੀ.ਐਨ.ਸੀ. ਜੋ ਗਰੁੱਪ 'ਬੀ' ਵਿੱਚ ਹਨ, ਨੂੰ ਦੂਜੀ ਤਰਜੀਹ ਦੇ ਅਧਾਰ 'ਤੇ ਬਾਕੀ ਬਚਦਾ ਪਾਣੀ ਮਿਲੇਗਾ।

ਜਲ ਸਰੋਤ ਵਿਭਾਗ ਦੇ ਬੁਲਾਰੇ ਨੇ ਇਹ ਵੀ ਦੱਸਿਆ ਕਿ ਸਰਹੰਦ ਫੀਡਰ ਵਿਚੋਂ ਨਿਕਲਦੇ ਸਾਰੇ ਰਜਬਾਹੇ ਜਿਹੜੇ ਕਿ ਗਰੁੱਪ 'ਏ' ਵਿੱਚ ਹਨ, ਨੂੰ ਪਹਿਲੀ ਤਰਜੀਹ ਦੇ ਆਧਾਰ 'ਤੇ ਪੂਰਾ ਪਾਣੀ ਮਿਲੇਗਾ। ਸਰਹੰਦ ਫੀਡਰ ਵਿਚੋਂ ਨਿਕਲਦੀ ਅਬੋਹਰ ਬ੍ਰਾਂਚ ਲੋਅਰ ਅਤੇ ਇਸ ਦੇ ਰਜਬਾਹੇ ਜੋ ਕਿ ਗਰੁੱਪ 'ਬੀ' ਵਿੱਚ ਹੈ, ਨੂੰ ਦੂਜੀ ਤਰਜੀਹ ਦੇ ਆਧਾਰ 'ਤੇ ਬਾਕੀ ਬਚਦਾ ਪਾਣੀ ਮਿਲੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਅੱਪਰ ਬਾਰੀ ਦੁਆਬ ਕੈਨਾਲ ਵਿਚੋਂ ਨਿਕਲਦੀ ਮੇਨ ਬ੍ਰਾਂਚ ਲੋਅਰ ਅਤੇ ਇਸ ਦੇ ਰਜਬਾਹਿਆਂ ਨੂੰ ਪਹਿਲੀ ਤਰਜੀਹ ਦੇ ਆਧਾਰ 'ਤੇ ਪੂਰਾ ਪਾਣੀ ਮਿਲੇਗਾ। ਲਾਹੌਰ ਬ੍ਰਾਂਚ, ਕਸੂਰ ਬ੍ਰਾਂਚ, ਸਭਰਾਉ ਬ੍ਰਾਂਚ ਅਤੇ ਇਹਨਾਂ ਦੇ ਰਜਬਾਹਿਆਂ ਨੂੰ ਕ੍ਰਮਵਾਰ ਬਾਕੀ ਬਚਦਾ ਪਾਣੀ ਮਿਲੇਗਾ।


RSFO

ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ

RSFO

ਮਹਾਰਾਜਾ ਜੱਸਾ ਸਿੰਘ ਰਾਮਗੜੀਆ ਦੇ 300 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ

(10ਵਾਂ ਅੰਤਰਰਾਸ਼ਟਰੀ ਐਵਾਰਡ ਸਮਾਗਮ 2023)

21 ਮਈ 2023, ਦਿਨ ਐਤਵਾਰ; ਸਮਾਂ 9:30 ਸਵੇਰ

ਸਥਾਨ- ਵੈਰਡੀ ਕਨਵੈਨਸ਼ਨ ਸੈਂਟਰ, 3550 ਡੇਰੀ ਰੋਡ (ਈਸਟ) ਮਿਸੀਸਾਗਾ








ਸੀਟ ਰਾਖਵੀ ਕਰਨ ਲਈ ਸੰਪਰਕ ਕਰੋ-

ਦਲਜੀਤ ਸਿੰਘ ਗੈਦੂ (416-305-9878), ਮਨਜੀਤ ਸਿੰਘ ਭੱਚੂ (416-275-2374) ਅਤੇ ਹਰਦਿਆਲ ਸਿੰਘ ਝੀਤਾ (647-409-8915)

ਰਾਮਗੜੀਆ ਸਿੱਖ ਫਾਊਡੇਸ਼ਨ ਆਫ ਆਨਟਾਰੀਓ- 7956 ਟੋਰਬਰਮ ਰੋਡ ਯੂਨਿਟ ਨੰ. 40 (ਬੀ), ਬਰੈਂਪਟਨ (ਕੈਨੇਡਾ)




THANKS TO ALL TV, RADIO, AND PRINT MEDIA.

# ਵਿੱਤ ਮੰਤਰੀ ਚੀਮਾ ਅਤੇ ਸਥਾਨਕ ਸਰਕਾਰਾਂ ਮੰਤਰੀ ਨਿੱਜਰ ਵੱਲੋਂ ਅਵਾਰਾ ਪਸ਼ੂਆਂ ਦੇ ਮੁੱਦਿਆਂ ਨਾਲ ਸਾਂਝੇ ਤੌਰ 'ਤੇ ਨਜਿੱਠਣ ਲਈ ਅੰਤਰ-ਵਿਭਾਗੀ ਮੀਟਿੰਗ

ਚੰਡੀਗੜ੍ਹ, 16 ਮਈ (ਪੋਸਟ ਬਿਊਰੋ): ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ: ਇੰਦਰਬੀਰ ਸਿੰਘ ਨਿੱਜਰ ਨੇ ਅਵਾਰਾ ਪਸ਼ੂਆਂ ਦੇ ਪ੍ਰਬੰਧਨ ਦੇ ਮੁੱਦੇ ਨੂੰ ਸਾਂਝੇ ਤੌਰ 'ਤੇ ਨਜਿੱਠਣ ਲਈ ਅੱਜ ਇਥੇ ਇੱਕ ਅੰਤਰ-ਵਿਭਾਗੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਸ ਦੌਰਾਨ ਮੰਤਰੀਆਂ ਨੇ ਅਵਾਰਾ ਪਸ਼ੂਆਂ ਦਾ ਸੂਬਾ ਪੱਧਰੀ ਸਰਵੇਖਣ ਕਰਵਾਉਣ, ਗਊਸ਼ਾਲਾਵਾਂ ਲਈ ਨਵੀਂਆਂ ਜ਼ਮੀਨਾਂ ਦੀ ਸ਼ਨਾਖਤ ਕਰਨ, ਗਊਸ਼ਾਲਾਵਾਂ ਦਾ ਪ੍ਰਬੰਧ ਕਰਨ ਵਾਲੀਆਂ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਦੀ ਸਹਾਇਤਾ, ਆਵਾਰਾ ਕੁੱਤਿਆਂ ਦੇ ਪ੍ਰਬੰਧਨ ਲਈ ਠੋਸ ਕਦਮ ਚੁੱਕਣ ਅਤੇ ਅਜਿਹੀਆਂ ਗਤੀਵਿਧੀਆਂ ਲਈ ਲੋੜੀਂਦੇ ਫੰਡ ਮੁਹੱਈਆ ਕਰਵਾਉਣ ਵਰਗੇ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ।



ਇੱਥੇ ਪੰਜਾਬ ਭਵਨ ਵਿਖੇ ਹੋਈ ਮੀਟਿੰਗ ਦੌਰਾਨ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਪੇਂਡੂ ਵਿਕਾਸ ਵਿਭਾਗ ਨੂੰ ਨਵੀਆਂ ਗਊਸ਼ਾਲਾਵਾਂ ਸਥਾਪਤ ਕਰਨ ਲਈ ਉਪਲਬਧ ਜ਼ਮੀਨਾਂ ਦੀ ਸ਼ਨਾਖਤ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਕਈ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਵੀ ਆਪਣੇ ਪੱਧਰ 'ਤੇ ਗਊਸ਼ਾਲਾਵਾਂ ਦਾ ਪ੍ਰਬੰਧ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇਨ੍ਹਾਂ ਅਦਾਰਿਆਂ ਲਈ ਵਿੱਤੀ ਮਦਦ ਕਰਨ ਦੇ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਹੋਰ ਸੰਸਥਾਵਾਂ ਵੀ ਇਸ ਕਾਰਜ ਲਈ ਪ੍ਰੇਰਿਤ ਹੋਣ।

ਵਿੱਤ ਮੰਤਰੀ ਨੇ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨੂੰ ਸੂਬੇ ਵਿੱਚ ਆਵਾਰਾ ਕੁੱਤਿਆਂ ਅਤੇ ਪਸ਼ੂਆਂ ਦਾ ਸਰਵੇਖਣ ਕਰਨ ਲਈ ਕਿਹਾ। ਉਨ੍ਹਾਂ ਵਿਭਾਗ ਨੂੰ ਘਰੇਲੂ ਪਸ਼ੂਆਂ ਦੇ ਸਰਵੇਖਣ ਅਤੇ ਚਿਪ ਲਗਾਉਣ ਸਬੰਧੀ ਕਾਰਜ ਯੋਜਨਾ ਤਿਆਰ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਆਵਾਰਾ ਪਸ਼ੂਆਂ ਦੀ ਨਸਬੰਦੀ ਅਤੇ ਟੀਕਾਕਰਨ ਲਈ ਵੀ ਵਿਸ਼ੇਸ਼ ਮੁਹਿੰਮ ਚਲਾਈ ਜਾਵੇ।

ਇਸ ਦੌਰਾਨ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਇੰਦਰਬੀਰ ਸਿੰਘ ਨਿੱਜਰ ਨੇ ਸਥਾਨਕ ਸਰਕਾਰਾਂ ਵਿਭਾਗ ਅਤੇ ਪੇਂਡੂ ਵਿਕਾਸ ਵਿਭਾਗ ਦੀ ਇੱਕ ਸਾਂਝੀ ਕਾਰਜ ਯੋਜਨਾ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸ਼ਹਿਰੀ ਖੇਤਰਾਂ ਵਿੱਚ ਜ਼ਮੀਨ ਦੀ ਘਾਟ ਕਾਰਨ ਸ਼ਹਿਰੀ ਸਥਾਨਕ ਸਰਕਾਰਾਂ ਗਊਸ਼ਾਲਾਵਾਂ ਨੂੰ ਸਾਂਝੇ ਤੌਰ 'ਤੇ ਵਿਕਸਤ ਕਰਨ ਲਈ ਜ਼ਮੀਨ ਲੱਭਣ ਵਾਸਤੇ ਆਪਣੀਆਂ ਗੁਆਂਢੀ ਪੇਂਡੂ ਪੰਚਾਇਤਾਂ ਨਾਲ ਮਿਲ ਕੇ ਕੰਮ ਕਰ ਸਕਦੀਆਂ ਹਨ। ਉਨ੍ਹਾਂ ਨੇ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਗਊਸ਼ਾਲਾਵਾਂ ਦੀ ਸੰਚਾਲਨ ਲਾਗਤਾਂ ਨੂੰ ਪੂਰਾ ਕਰਨ ਲਈ ਇੱਕ ਕਾਰਪਸ ਫੰਡ ਬਣਾਉਣ ਦਾ ਵੀ ਸੁਝਾਅ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਭਾਗਾਂ ਦੇ ਸਾਂਝੇ ਯਤਨ ਪਸ਼ੂ ਜਨਮ ਨਿਯੰਤਰਣ ਪ੍ਰੋਗਰਾਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਿੱਚ ਵੀ ਸਹਾਈ ਹੋਣਗੇ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਮੁੱਖ ਸਕੱਤਰ ਸਥਾਨਕ ਸਰਕਾਰਾਂ ਵਿਵੇਕ ਪ੍ਰਤਾਪ ਸਿੰਘ, ਡਾਇਰੈਕਟਰ ਪੇਂਡੂ ਵਿਕਾਸ ਗੁਰਪ੍ਰੀਤ ਸਿੰਘ ਖਹਿਰਾ ਅਤੇ ਵਿਸ਼ੇਸ਼ ਸਕੱਤਰ ਵਿੱਤ ਯਸ਼ਨਜੀਤ ਸਿੰਘ ਵੀ ਹਾਜ਼ਰ ਸਨ।

McASPHALT Ltd.

NOW HIRING
AZ TANKER DRIVERS
BASED OUT OF BRAMPTON | OSHAWA | HAMILTON

McASPHALT

REQUIREMENTS & BENEFITS
ABLE TO START RIGHT AWAY
COMPETITIVE COMPENSATION PACKAGE
*inclusive of competitive hourly rate, daily per diems, full benefit package and competitive pension plan*

CALL 416.281.8181 EXT. 259
or SUBMIT RESUME at
vidhu.rajkumar@mcasphalt.com

ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

NEED A LAWYER ??
KAUR LAW OFFICE
Red Seal NOTARY



REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

ਕੈਨੇਡੀਅਨ ਪੰਜਾਬੀ ਪੋਸਟ
Canadian Punjabi Post

CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## Matrimonial
### ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਸੈਲ ਐਡ ਫਿਕਸ

ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

A-One Drivers
TRAINING SCHOOL

G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ

ਫਰੀ ਪਿਕਅਪ
Best Rates For Lessons
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

# ਤਾਮਿਲਨਾਡੂ ਵਿਚ ਨਕਲੀ ਸ਼ਰਾਬ ਪੀਣ ਨਾਲ ਅੱਠ ਲੋਕਾਂ ਦੀ ਮੌਤ, 30 ਤੋਂ ਵੱਧ ਹਸਪਤਾਲ ਵਿੱਚ ਭਰਤੀ

ਵਿਲੂਪੁਰਮ, 16 ਮਈ (ਪੋਸਟ ਬਿਊਰੋ): ਤਾਮਿਲਨਾਡੂ 'ਚ ਕਥਿਤ ਤੌਰ 'ਤੇ ਨਕਲੀ ਸ਼ਰਾਬ ਪੀਣ ਨਾਲ ਦੋ ਵੱਖ-ਵੱਖ ਘਟਨਾਵਾਂ 'ਚ ਅੱਠ ਲੋਕਾਂ ਦੀ ਮੌਤ ਹੋ ਗਈ ਹੈ। ਵਿਲਾਪੁਰਮ ਜ਼ਿਲੇ 'ਚ 4 ਅਤੇ ਚੇਂਗਲਪੱਟੂ ਜ਼ਿਲੇ 'ਚ 4 ਲੋਕਾਂ ਦੀ ਮੌਤ ਹੋ ਗਈ ਹੈ। ਇਸ ਤੋਂ ਇਲਾਵਾ ਨਕਲੀ ਸ਼ਰਾਬ ਪੀਣ ਕਾਰਨ ਬਿਮਾਰ ਹੋਏ 30 ਤੋਂ ਵੱਧ ਲੋਕਾਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਪੁਲਸ ਮੁਤਾਬਕ ਇਸ ਮਾਮਲੇ 'ਚ ਦੋ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਦੇ ਨਾਲ ਹੀ ਹੋਰ ਲੋਕਾਂ ਦੀ ਭਾਲ ਲਈ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ। ਤਾਮਿਲਨਾਡੂ ਦੇ ਮੁੱਖ ਮੰਤਰੀ ਐਮ ਕੇ ਸਟਾਲਿਨ ਨੇ ਕਿਹਾ ਕਿ ਘਟਨਾ ਦੇ ਸਬੰਧ ਵਿੱਚ ਚਾਰ ਪੁਲਿਸ ਮੁਲਾਜ਼ਮਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।

ਨਕਲੀ ਸ਼ਰਾਬ ਅਤੇ ਨਸ਼ੀਲੇ ਪਦਾਰਥਾਂ ਦੇ ਖਤਰੇ ਨਾਲ ਨਜਿੱਠਣ ਲਈ ਆਪਣੀ ਸਰਕਾਰ ਦੇ ਸੰਕਲਪ ਨੂੰ ਰੇਖਾਂਕਿਤ ਕਰਦੇ ਹੋਏ ਸਟਾਲਿਨ ਨੇ ਕਿਹਾ ਕਿ ਇਸ ਘਟਨਾ ਦੇ ਸਬੰਧ ਵਿੱਚ ਦੋ ਇੰਸਪੈਕਟਰਾਂ ਸਮੇਤ ਚਾਰ ਪੁਲਿਸ ਕਰਮਚਾਰੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।





ਉਨ੍ਹਾਂ ਨੇ ਇਸ ਘਟਨਾ ਵਿੱਚ ਮਾਰੇ ਗਏ ਲੋਕਾਂ ਦੇ ਵਾਰਸਾਂ ਨੂੰ 10-10 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਦੇਣ ਦਾ ਵੀ ਐਲਾਨ ਕੀਤਾ।

ਆਲ ਇੰਡੀਆ ਅੰਨਾ ਦ੍ਰਵਿੜ ਮੁਨੇਤਰ ਕੜਗਮ (ਏਆਈਏਡੀਐਮਕੇ) ਦੇ ਜਨਰਲ ਸਕੱਤਰ ਅਤੇ ਵਿਰੋਧੀ ਧਿਰ ਦੇ ਨੇਤਾ ਕੇ ਪਲਾਨੀਸਵਾਮੀ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਦੀ ਅਗਵਾਈ ਵਾਲੇ 10 ਸਾਲਾਂ ਦੇ ਸ਼ਾਸਨ (2011 ਤੋਂ 2021 ਤੱਕ) ਵਿੱਚ ਬੂਟਲੈਗਿੰਗ ਦੀ ਕੋਈ ਥਾਂ ਨਹੀਂ ਸੀ ਅਤੇ ਇਸ ਘਟਨਾ ਲਈ ਸੱਤਾਧਾਰੀ ਦ੍ਰਵਿੜ ਮੁਨੇਤਰ ਕੜਗਮ (ਡੀਐੱਮਕੇ) ਦੀ "ਅਯੋਗਤਾ" ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਨੇ ਟਵੀਟ ਕੀਤਾ, "ਘੱਟੋ-ਘੱਟ ਹੁਣ ਗੈਰ-ਕਾਨੂੰਨੀ ਸ਼ਰਾਬ ਖਿਲਾਫ ਕਦਮ ਚੁੱਕੇ ਜਾਣੇ ਚਾਹੀਦੇ ਹਨ।"

ਪੱਤਲੀ ਮੱਕਲ ਕਾਚੀ (ਪੀਐਮਕੇ) ਦੇ ਸੰਸਥਾਪਕ ਡਾ। ਰਾਮਦਾਸ ਨੇ ਨਕਲੀ ਸ਼ਰਾਬ ਦੀ ਵਿਕਰੀ ਸਬੰਧੀ ਸਬੰਧਤ ਅਧਿਕਾਰੀਆਂ ਖਿਲਾਫ਼ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

# ਨਿਊਜ਼ੀਲੈਂਡ ਵਿਚ ਬਹੁਮੰਜ਼ਿਲਾ ਇਮਾਰਤ ਦੇ ਲਾਜ 'ਚ ਲੱਗੀ ਅੱਗ, 6 ਲੋਕਾਂ ਦੀ ਮੌਤ

ਵੈਲਿੰਗਟਨ, 16 ਮਈ (ਪੋਸਟ ਬਿਊਰੋ): ਨਿਊਜ਼ੀਲੈਂਡ ਦੇ ਵੈਲਿੰਗਟਨ ਵਿੱਚ ਇੱਕ ਬਹੁ-ਮੰਜ਼ਿਲਾ ਲਾਜ ਵਿੱਚ ਅੱਗ ਲੱਗਣ ਕਾਰਨ ਛੇ ਲੋਕਾਂ ਦੀ ਮੌਤ ਹੋ ਗਈ। ਹਾਦਸੇ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੇ ਕਰਮਚਾਰੀ ਮੌਕੇ 'ਤੇ ਪਹੁੰਚ ਗਏ। ਕਈ ਲੋਕਾਂ ਨੂੰ ਇਮਾਰਤ 'ਚੋਂ ਕੱਢ ਕੇ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਮਰਨ ਵਾਲਿਆਂ ਦੀ ਗਿਣਤੀ ਹੋਰ ਵਧ ਸਕਦੀ ਹੈ।

ਫਾਇਰ ਐਂਡ ਐਮਰਜੈਂਸੀ ਸਰਵਿਸਿਜ਼ ਨਿਊਜ਼ੀਲੈਂਡ (ਫੇਨਜ਼) ਨੇ ਇੱਕ ਬਿਆਨ ਜਾਰੀ ਕਰਕੇ ਕਿਹਾ ਕਿ ਹਾਦਸੇ ਵਿੱਚ ਕਈ ਲੋਕ ਗੰਭੀਰ ਰੂਪ ਵਿੱਚ ਜ਼ਖਮੀ ਹੋਏ ਹਨ। ਨਿਊਜ਼ੀਲੈਂਡ ਦੇ ਪੀਐਮ ਕ੍ਰਿਸ ਹਿਪਕਿਨਸ ਨੇ ਦੱਸਿਆ ਕਿ ਮਰਨ ਵਾਲਿਆਂ ਦੀ ਗਿਣਤੀ 10 ਤੱਕ ਵਧ ਸਕਦੀ ਹੈ। ਹੁਣ ਤੱਕ 52 ਲੋਕਾਂ ਨੂੰ ਬਚਾਇਆ ਜਾ ਚੁੱਕਾ ਹੈ।



ਇਹ ਅੱਗ ਵੇਲਿੰਗਟਨ ਦੇ ਲੋਫਰ ਲਾਜ ਦੀ ਉਪਰਲੀ ਮੰਜ਼ਿਲ 'ਤੇ ਲੱਗੀ। ਫਿਲਹਾਲ ਪੁਲਿਸ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲਗਾ ਸਕੀ ਹੈ। ਵੈਲਿੰਗਟਨ ਸਿਟੀ ਕੌਂਸਲ ਦੇ ਬੁਲਾਰੇ ਰਿਚਰਡ ਮੈਕਲੀਨ ਨੇ ਦੱਸਿਆ ਕਿ ਇਮਾਰਤ ਵਿੱਚ ਕਈ ਬਜ਼ੁਰਗ ਲੋਕ ਸਨ, ਜੋ ਅੱਗ ਲੱਗਣ ਤੋਂ ਤੁਰੰਤ ਬਾਅਦ ਭੱਜ ਗਏ। ਕਈ ਲੋਕਾਂ ਨੂੰ ਵੈਲਿੰਗਟਨ ਹਸਪਤਾਲ ਲਿਜਾਇਆ ਗਿਆ, ਜਿਨ੍ਹਾਂ ਵਿੱਚੋਂ ਇੱਕ ਦੀ ਹਾਲਤ ਗੰਭੀਰ ਹੈ।

# ਭਾਰਤੀ-ਅਮਰੀਕੀ ਡਾਕਟਰ ਨੂੰ ਹੋਵੇਗੀ 20 ਸਾਲ ਦੀ ਜੇਲ੍ਹ

ਕੈਲੀਫੋਰਨੀਆ, 16 ਮਈ (ਪੋਸਟ ਬਿਊਰੋ): ਕੈਲੀਫੋਰਨੀਆ ਵਿਚ ਇੱਕ 76 ਸਾਲਾ ਭਾਰਤੀ-ਅਮਰੀਕੀ ਡਾਕਟਰ ਨੂੰ ਇਲਾਜ ਲਈ ਪਾਬੰਦੀਸ਼ੁਦਾ ਦਵਾਈਆਂ ਦੇਣ ਦਾ ਦੋਸ਼ੀ ਪਾਇਆ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਡਾਕਟਰ ਨੇ ਖੁਦ ਮੰਨਿਆ ਕਿ ਉਸ ਨੇ ਪਾਬੰਦੀਸ਼ੁਦਾ ਉਪੀਔਡਜ਼ ਸਮੇਤ ਹੋਰ ਦਵਾਈਆਂ ਗੈਰ-ਕਾਨੂੰਨੀ ਤੌਰ 'ਤੇ ਤਜਵੀਜ਼ ਕੀਤੀਆਂ ਸਨ। ਅਮਰੀਕੀ ਅਟਾਰਨੀ ਫਿਲਿਪ ਏ. ਟੈਲਬਰਟ ਦੇ ਅਨੁਸਾਰ, ਮੋਡੈਸਟੋ ਦੇ ਸਵਤੰਤਰ ਚੋਪੜਾ ਨੂੰ ਪਿਛਲੇ ਬੁੱਧਵਾਰ ਨੂੰ ਪਾਬੰਦੀਸ਼ੁਦਾ ਉਪੀਔਡਜ਼ ਅਤੇ ਹੋਰ ਦਵਾਈਆਂ ਦੇਣ ਦੇ ਦੋਸ਼ਾਂ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ। ਉਸ ਖਿਲਾਫ਼ ਤਿੰਨ ਕੇਸ ਦਰਜ ਸਨ, ਜਿਨ੍ਹਾਂ ਨੂੰ ਉਸ ਨੇ ਸਵੀਕਾਰ ਕਰ ਲਿਆ ਹੈ। ਆਪਣੇ ਅਭਿਆਸ ਦੌਰਾਨ, ਉਸ ਨੇ ਮਰੀਜ਼ਾਂ ਨੂੰ ਦਵਾਈਆਂ ਲੈਣ ਲਈ ਕਿਹਾ ਸੀ ਜਿਨ੍ਹਾਂ 'ਤੇ ਪਾਬੰਦੀ ਲਗਾਈ ਗਈ ਸੀ। ਇਹ ਦਵਾਈਆਂ ਅਫੀਮ ਤੋਂ ਬਣੀਆਂ ਹਨ। ਤੁਸੀਂ ਇਸ ਨਾਲ ਨਸ਼ਾ ਕਰਦੇ ਹੋ। ਇਸ ਲਈ, ਇਹ ਦਵਾਈਆਂ ਉਦੋਂ ਹੀ ਤਜਵੀਜ਼ ਕੀਤੀਆਂ ਜਾ ਸਕਦੀਆਂ ਹਨ ਜਦੋਂ ਇਹ ਮਰੀਜ਼ ਦੀ ਸਿਹਤ ਲਈ ਬਹੁਤ ਜ਼ਰੂਰੀ ਹੋਵੇ। ਅਧਿਕਾਰੀ ਨੇ ਕਿਹਾ ਕਿ ਚੋਪੜਾ ਨੇ 2020 ਵਿੱਚ ਆਪਣਾ ਮੈਡੀਕਲ ਲਾਇਸੈਂਸ ਸਪੁਰਦ ਕਰ ਦਿੱਤਾ ਸੀ ਕਿਉਂਕਿ ਮਾਮਲਾ ਲੰਬਿਤ ਸੀ। ਹੁਣ ਦੋਸ਼ੀ ਨੂੰ 5 ਸਤੰਬਰ ਨੂੰ ਸਜ਼ਾ ਸੁਣਾਈ ਜਾਣੀ ਹੈ।

# ਬੰਗਾਲ ਵਿਚ ਗੈਰ-ਕਾਨੂੰਨੀ ਪਟਾਕਾ ਫੈਕਟਰੀ 'ਚ ਧਮਾਕਾ, 7 ਦੀ ਮੌਤ

ਕੋਲਕਾਤਾ, 16 ਮਈ (ਪੋਸਟ ਬਿਊਰੋ): ਪੱਛਮੀ ਬੰਗਾਲ 'ਚ ਮੰਗਲਵਾਰ ਨੂੰ ਪਟਾਕਾ ਬਣਾਉਣ ਵਾਲੀ ਫੈਕਟਰੀ 'ਚ ਹੋਏ ਧਮਾਕੇ 'ਚ 7 ਲੋਕਾਂ ਦੀ ਮੌਤ ਹੋ ਗਈ ਅਤੇ ਕੁਝ ਹੋਰ ਜ਼ਖਮੀ ਹੋ ਗਏ। ਧਮਾਕਾ ਇੰਨਾ ਜ਼ਬਰਦਸਤ ਸੀ ਕਿ ਫੈਕਟਰੀ ਦੇ ਅੰਦਰ ਲਾਸ਼ਾਂ ਖਿੱਲਰ ਗਈਆਂ। ਇਸ ਘਟਨਾ ਤੋਂ ਬਾਅਦ ਸੱਤਾਧਾਰੀ ਤ੍ਰਿਣਮੂਲ ਕਾਂਗਰਸ ਅਤੇ ਵਿਰੋਧੀ ਧਿਰ ਭਾਜਪਾ ਵਿਚਾਲੇ ਸਿਆਸੀ ਦੋਸ਼ਾਂ ਅਤੇ ਜਵਾਬੀ ਦੋਸ਼ਾਂ ਦਾ ਦੌਰ ਸ਼ੁਰੂ ਹੋ ਗਿਆ ਹੈ। ਪੂਰਬੀ ਮੇਦਿਨੀਪੁਰ ਦੇ ਈਗਰਾ 'ਚ ਘਟਨਾ ਦੀ ਜਾਂਚ ਕਰਨ ਪਹੁੰਚੀ ਪੁਲਸ 'ਤੇ ਗੁੱਸੇ 'ਚ ਆਏ ਸਥਾਨਕ ਲੋਕਾਂ ਨੇ ਹਮਲਾ ਕਰ ਦਿੱਤਾ। ਪੁਲਿਸ ਨੇ ਦੱਸਿਆ ਕਿ ਉੜੀਸਾ ਸਰਹੱਦ ਦੇ ਕੋਲ ਸਥਿਤ ਇਸ ਫੈਕਟਰੀ ਦਾ ਮਾਲਕ ਗੁਆਂਢੀ ਰਾਜ ਭੱਜ ਗਿਆ ਹੈ।




ਮੁੱਖ ਮੰਤਰੀ ਮਮਤਾ ਬੈਨਰਜੀ ਨੇ ਕਿਹਾ ਕਿ ਗੈਰ-ਕਾਨੂੰਨੀ ਪਟਾਕਾ ਫੈਕਟਰੀ ਚਲਾਉਣ ਵਾਲੇ ਵਿਅਕਤੀ ਨੂੰ ਪਹਿਲਾਂ ਪੁਲਸ ਨੇ ਗ੍ਰਿਫਤਾਰ ਕੀਤਾ ਸੀ ਅਤੇ ਇਸ ਲਈ ਉਸ 'ਤੇ ਦੋਸ਼ ਵੀ ਲਗਾਏ ਗਏ ਸਨ। ਉਸ ਨੇ ਕਿਹਾ, "ਜ਼ਮਾਨਤ ਮਿਲਣ ਤੋਂ ਬਾਅਦ ਉਹ ਫਿਰ ਤੋਂ ਕੰਮ ਕਰਨ ਲੱਗ ਪਿਆ ਹੈ।" ਉਨ੍ਹਾਂ ਨੇ ਮਾਮਲੇ ਦੀ ਜਾਂਚ ਸੀਆਈਡੀ ਨੂੰ ਸੌਂਪ ਦਿੱਤੀ ਹੈ।

ਭਾਜਪਾ ਨੇ ਤ੍ਰਿਣਮੂਲ 'ਤੇ ਸੂਬੇ 'ਚ ਪੰਚਾਇਤੀ ਚੋਣਾਂ ਤੋਂ ਪਹਿਲਾਂ ਬੰਬ ਬਣਾਉਣ ਦਾ ਦੋਸ਼ ਲਾਇਆ ਅਤੇ ਧਮਾਕੇ ਦੀ ਜਾਂਚ ਦੀ ਮੰਗ ਕੀਤੀ। ਘਟਨਾ ਭਾਜਪਾ ਸਮਰਥਿਤ ਪੰਚਾਇਤ ਖੇਤਰ ਦੀ ਹੈ। ਪ੍ਰਦੇਸ਼ ਭਾਜਪਾ ਪ੍ਰਧਾਨ ਸੁਕਾਂਤਾ ਮਜੂਮਦਾਰ ਨੇ ਕਿਹਾ, "ਇਹ ਟੀਐਮਸੀ ਨੇਤਾ ਦੀ ਫੈਕਟਰੀ ਵਿੱਚ ਵਾਪਰਿਆ ਜਿੱਥੇ ਬੰਬ ਬਣਾਏ ਜਾ ਰਹੇ ਸਨ। ਇਸ ਨਾਲ ਪੱਛਮੀ ਬੰਗਾਲ ਵਿੱਚ ਪੰਚਾਇਤੀ ਚੋਣਾਂ ਤੋਂ ਪਹਿਲਾਂ ਕਾਨੂੰਨ ਅਤੇ ਵਿਵਸਥਾ ਦੀ ਸਥਿਤੀ ਪੈਦਾ ਹੋ ਰਹੀ ਹੈ।"

# ਨਿਊ ਮੈਕਸੀਕੋ ਦੇ ਫਾਰਮਿੰਗਟਨ 'ਚ ਗੋਲੀਬਾਰੀ ਵਿਚ 3 ਦੀ ਮੌਤ

ਨਿਊ ਮੈਕਸੀਕੋ, 16 ਮਈ (ਪੋਸਟ ਬਿਊਰੋ): ਅਮਰੀਕਾ ਦੇ ਦੱਖਣ-ਪੱਛਮੀ ਸੂਬੇ ਨਿਊ ਮੈਕਸੀਕੋ ਦੇ ਫਾਰਮਿੰਗਟਨ 'ਚ ਗੋਲੀਬਾਰੀ ਦੀ ਖ਼ਬਰ ਹੈ। ਇਸ ਗੋਲੀਬਾਰੀ 'ਚ ਤਿੰਨ ਲੋਕਾਂ ਦੀ ਮੌਤ ਹੋ ਗਈ ਅਤੇ ਕਈ ਲੋਕ ਜ਼ਖਮੀ ਦੱਸੇ ਜਾ ਰਹੇ ਹਨ। ਫਾਰਮਿੰਗਟਨ ਪੁਲਿਸ ਨੇ ਸੋਮਵਾਰ ਨੂੰ ਇੱਕ ਫੇਸਬੁੱਕ ਪੋਸਟ ਵਿੱਚ ਇਹ ਜਾਣਕਾਰੀ ਦਿੱਤੀ। ਗੋਲੀਬਾਰੀ 'ਚ ਜ਼ਖਮੀ ਹੋਏ ਲੋਕਾਂ 'ਚ ਸਿਟੀ ਪੁਲਸ ਦੇ ਇਕ ਮੈਂਬਰ ਅਤੇ ਨਿਊ ਮੈਕਸੀਕੋ ਸਟੇਟ ਪੁਲਸ ਦੇ ਇਕ ਮੈਂਬਰ ਸਮੇਤ ਦੋ ਪੁਲਸ ਅਧਿਕਾਰੀ ਸ਼ਾਮਲ ਹਨ। ਫਿਲਹਾਲ ਦੋਵਾਂ ਦੀ ਹਾਲਤ ਸਥਿਰ ਹੈ। ਪੁਲਿਸ ਨੇ ਦੱਸਿਆ ਕਿ ਗੋਲੀਬਾਰੀ ਦੌਰਾਨ ਇੱਕ ਸ਼ੱਕੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਿਸ ਨੇ ਕਿਹਾ ਕਿ ਸ਼ੱਕੀ ਦੀ ਪਛਾਣ ਅਣਜਾਣ ਹੈ। ਸਥਾਨਕ ਮੀਡੀਆ ਨੇ ਦੱਸਿਆ ਕਿ ਗੋਲੀਬਾਰੀ ਬਰੁਕਸਾਈਡ ਪਾਰਕ ਦੇ ਇਲਾਕੇ 'ਚ ਸਥਾਨਕ ਸਮੇਂ ਮੁਤਾਬਕ ਸਵੇਰੇ 11 ਵਜੇ ਤੋਂ ਥੋੜ੍ਹੀ ਦੇਰ ਬਾਅਦ ਹੋਈ। ਦੁਪਹਿਰ 1 ਵਜੇ ਤੋਂ ਠੀਕ ਪਹਿਲਾਂ ਚਾਰ ਸਕੂਲਾਂ ਨੂੰ ਤਾਲਾਬੰਦ ਕਰ ਦਿੱਤਾ ਗਿਆ ਸੀ। ਫਾਰਮਿੰਗਟਨ ਮਿਉਂਸਪਲ ਸਕੂਲਾਂ ਦੇ ਬੁਲਾਰੇ ਰੌਬਰਟ ਟੈਬੋਡਾ ਨੇ ਕਿਹਾ ਕਿ ਫਾਰਮਿੰਗਟਨ ਸਕੂਲਾਂ ਦੇ ਸਾਰੇ ਵਿਦਿਆਰਥੀ ਅਤੇ ਸਟਾਫ ਸੁਰੱਖਿਅਤ ਹਨ। ਸਥਾਨਕ ਮੀਡੀਆ ਨੇ ਦੱਸਿਆ ਕਿ ਫਾਰਮਿੰਗਟਨ ਖੇਤਰ ਵਿੱਚ 6 ਸਾਲਾਂ ਤੋਂ ਵੀ ਘੱਟ ਸਮੇਂ ਵਿੱਚ ਇਹ ਦੂਜੀ ਗੋਲੀਬਾਰੀ ਸੀ।




ਤੁਹਾਨੂੰ ਦੱਸ ਦੇਈਏ ਕਿ ਹਾਲ ਹੀ ਵਿੱਚ ਟੈਕਸਾਸ ਦੇ ਮਾਲ ਵਿੱਚ ਗੋਲੀਬਾਰੀ ਦੀ ਘਟਨਾ ਵਾਪਰੀ ਸੀ। ਗੋਲੀਬਾਰੀ ਵਿਚ ਘੱਟੋ-ਘੱਟ ਅੱਠ ਲੋਕ ਮਾਰੇ ਗਏ ਸਨ ਅਤੇ ਹਮਲਾਵਰ ਮੌਰੀਸੀਉ ਗਾਰਸੀਆ (33) ਵੀ ਪੁਲਿਸ ਨੇ ਮਾਰਿਆ ਸੀ। 6 ਮਈ ਨੂੰ ਵਾਪਰੀ ਇਸ ਘਟਨਾ ਵਿੱਚ ਸੱਤ ਹੋਰ ਜ਼ਖ਼ਮੀ ਵੀ ਹੋਏ ਸਨ ਅਤੇ ਉਨ੍ਹਾਂ ਦਾ ਹਸਪਤਾਲ ਵਿੱਚ ਇਲਾਜ ਕੀਤਾ ਗਿਆ ਸੀ। ਟੈਕਸਾਸ ਮਾਲ ਗੋਲੀਬਾਰੀ ਤੋਂ ਇੱਕ ਦਿਨ ਬਾਅਦ, ਅਮਰੀਕਾ ਵਿੱਚ ਮਿਆਮੀ ਬੀਚ ਦੇ ਇੱਕ ਨਾਈਟ ਕਲੱਬ ਵਿੱਚ ਗੋਲੀਬਾਰੀ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ ਦੋ ਔਰਤਾਂ ਜ਼ਖਮੀ ਹੋ ਗਈਆਂ।




## ਜ਼ਰੂਰੀ ਬੇਨਤੀ

**ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਆਖੰਡ ਪਾਠ ਸਾਹਿਬ ਦਾ ਭੋਗ ੧ਓ**

**ਪਿੰਡ ਸੂਸਾਂ ਜਿਲ੍ਹਾ ਹੁਸ਼ਿਆਰਪੁਰ ਅਤੇ ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਡਿਕਸੀ ਰੋਡ ਗੁਰਦਵਾਰਾ ਸਾਹਿਬ ਵਿਖੇ 26 ਮਈ ਦਿਨ ਸ਼ੁਕਰਵਾਰ ਨੂੰ ਸਵੇਰੇ 11 ਵਜੇ ਆਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 28 ਮਈ ਦਿਨ ਐਤਵਾਰ ਨੂੰ ਸਵੇਰ 11 ਵਜ੍ਹੇ ਭੋਗ ਪਾਏ ਜਾਣਗੇ। ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਨੂੰ ਹੁੰਮ-ਹਮਾਕੇ ਪਹੁੰਚਣ ਦੀ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈਂ।**

**ਵਧੇਰੇ ਜਾਣਕਾਰੀ ਲਈ ਹੇਠ ਲਿਖੇ ਫੋਨ ਨੰਬਰਾਂ ਤੇ ਸੰਪਰਕ ਕੀਤਾ ਜਾ ਸਕਦਾ ਹੈ:**

**ਧਰਮਿੰਦਰ ਸਿੰਘ ਸੂਚ 416-879-6824**

**ਪਰਮਜੀਤ ਸਿੰਘ ਸੂਚ 416-873-7508**


**ਸਰਬਜੀਤ ਸਿੰਘ ਸੂਚ 416-357-7667**

**ਗੁਰਮੇਲ ਸਿੰਘ ਸੂਚ 905-814-0756**

ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਸਮਾਗਮ 2023




URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD
Hwy 7/ Churchill Rd/Tanners Dr
ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।
Mclaughlin Rd & Steeles Ave
ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ
Wanless /Queen Mary /Mclaughlin
2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।
Chinguacousy & Bovaird
ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।
FREE
Full MLS services
Consistent marketing until your property is sold
Staging consultation
Billboard, flyer
Online Promotion
Professional pictures & virtual tour
Social media & radio advertisement
Open house till sold
Competitive rates, exceptional service & award winning results
RE/MAX REALTY SPECIALISTS INC.
Ph:905-456-3232
**Based on units sold & commissions
**Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA
MCNE, Real Estate Broker
Dir: 416-371-7777
NOT INTENDED TO SOLICIT BUYERS OR SELLERS CURRENTLY UNDER CONTRACT


Dr. Randhawa Dentistry
Your own dentist who really cares for you
We Provide the following Services:
Dental Crowns, Veneers & Bridges
Dental Fillings & Gum Treatment
Root Canal (RCT), Dentures, Extraction
Kids Dentistry
Wisdom Tooth Surgery
Invisalign (Invisible Braces)
Digital X-Rays System
Teeth Cleaning & Whitening
Cosmetic Dental Treatment
Dr. Samreet Kaur Randhawa
General Family Dentist
New Patients welcome
Deal Directly with all Insurance Companies
ਸੀਨੀਅਰ ਡਿਸਕਾਊਂਟ
ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd
Mcvean Dr
Gore Rd
DENTISTRY
Squire Ellis Dr
Countryside Dr


Grand Upholstery Ltd
Sofa Company Originality in Every Piece
Special on Sale
ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017